SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 132 | Tuesday, July 11, 2023 | Tel: 905-793-2202 | Fax: 905-793-2282 | news@punjabipost.ca | *ਤੁਸੀਂ 'ਪੰਜਾਬੀ ਪੋਸਟ'* ***Online*** *ਰੋਜ਼ਾਨਾ ਪੜ੍ਹ ਸਕਦੇ ਹੋ*

## ਲੈਟਵੀਆ ਵਿੱਚ ਕੈਨੇਡੀਅਨ ਮਿਲਟਰੀ ਦੀ ਮੌਜੂਦਗੀ ਦੁੱਗਣੀ ਕਰਨ ਦਾ ਟਰੂਡੋ ਨੇ ਕੀਤਾ ਵਾਅਦਾ

ਰੀਗਾ, ਲੈਟਵੀਆ, 10 ਜੁਲਾਈ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਲੈਟਵੀਆ ਵਿੱਚ ਨਾਟੋ ਮਿਸ਼ਨ ਤਹਿਤ ਕੈਨੇਡੀਅਨ ਮਿਲਟਰੀ ਦੀ ਮੌਜੂਦਗੀ ਦੁੱਗਣੀ ਕਰਨ ਦਾ ਵਾਅਦਾ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਹੀ ਟਰੂਡੋ ਵੱਲੋਂ ਆਉਣ ਵਾਲੇ ਤਿੰਨ ਸਾਲਾਂ ਵਿੱਚ 2.6 ਬਿਲੀਅਨ ਡਾਲਰ ਫੰਡ ਦੇਣ ਅਤੇ 2,200 ਕੈਨੇਡੀਅਨ ਸੈਨਿਕ ਤਾਇਨਾਤ ਕਰਨ ਦਾ ਤਹੱਈਆ ਵੀ ਪ੍ਰਗਟਾਇਆ ਗਿਆ ਹੈ।



ਜ਼ਿਕਰਯੋਗ ਹੈ ਕਿ ਪਹਿਲਾਂ ਹੀ ਕੈਨੇਡਾ ਦੀਆਂ ਹਥਿਆਰਬੰਦ ਸੈਨਾਵਾਂ ਦੇ 800 ਮੈਂਬਰ ਇਸ ਬਾਲਟਿਕ ਦੇਸ਼ ਵਿੱਚ ਕੈਨੇਡਾ ਦੀ ਅਗਵਾਈ ਵਿੱਚ ਬੈਟਲ ਗਰੁੱਪ ਦਾ ਹਿੱਸਾ ਹਨ। ਇਸ ਤਰ੍ਹਾਂ ਇਹ ਕੈਨੇਡਾ ਦਾ ਸੱਭ ਤੋਂ ਵੱਡਾ ਦੇਸ਼ ਤੋਂ ਬਾਹਰ ਚਲਾਇਆ ਜਾ ਰਿਹਾ ਮਿਸ਼ਨ ਬਣ ਗਿਆ ਹੈ। ਡਿਫੈਂਸ ਮੰਤਰੀ ਅਨੀਤਾ ਆਨੰਦ ਨੇ ਪਿੱਛੇ ਜਿਹੇ ਇਹ ਐਲਾਨ ਕੀਤਾ ਸੀ ਕਿ ਇਸ ਸਾਲ ਦੇ ਅੰਤ ਵਿੱਚ ਇਸ ਮਿਸ਼ਨ ਲਈ 15 ਲੈਪਰਡ 2 ਟੈਂਕ ਸਕੁਆਰਡਨ ਤੇ 130 ਸੈਨਿਕਾਂ ਨੂੰ ਮਿਸ਼ਨ ਵਿੱਚ ਹਿੱਸਾ ਲੈਣ ਲਈ ਭੇਜਿਆ ਜਾਵੇਗਾ।

ਰੂਸ ਵੱਲੋਂ ਯੂਕਰੇਨ ਉੱਤੇ ਕੀਤੀ ਗਈ ਚੜ੍ਹਾਈ ਦੇ ਮੱਦੇਨਜ਼ਰ ਨਾਟੋ ਵੱਲੋਂ ਰੂਸ ਉੱਤੇ ਦਬਾਅ ਪਾਉਣ ਲਈ ਉਸ ਦੇ ਆਲੇ ਦੁਆਲੇ ਆਪਣੀਆਂ ਸੈਨਾਵਾਂ ਦੀ ਗਿਣਤੀ ਵਧਾਈ ਜਾ ਰਹੀ ਹੈ। ਜੰਗ ਸ਼ੁਰੂ ਹੋਣ ਤੋਂ ਲੈ ਕੇ ਹੁਣ ਤੱਕ ਇਸ ਗੱਠਜੋੜ ਵੱਲੋਂ ਰੀਜਨ ਵਿੱਚ ਆਪਣੀਆਂ ਸੈਨਾਵਾਂ ਦੀ ਤਾਇਨਾਤੀ ਵਿੱਚ ਵਾਧਾ ਕੀਤਾ ਜਾ ਚੁੱਕਿਆ ਹੈ ਤੇ ਹੋਰ ਕੀਤਾ ਜਾ ਰਿਹਾ ਹੈ।

## ਹੁਣ ਆਨਲਾਈਨ ਲਰਨਿੰਗ ਮੌਡਿਊਲ ਪੂਰਾ ਕਰਕੇ ਏਜੀ ਡਰਾਈਵਰ ਰਨਿਊ ਕਰਵਾ ਸਕਣਗੇ ਆਪਣੇ ਲਾਇਸੰਸ

ਬਰੈਂਪਟਨ, 10 ਜੁਲਾਈ (ਪੋਸਟ ਬਿਊਰੋ) :ਟਰਾਂਸਪੋਰਟੇਸ਼ਨ ਮੰਤਰਾਲੇ ਵੱਲੋਂ ਲਿਆਂਦੇ ਗਏ ਨਵੇਂ ਆਨਲਾਈਨ ਲਰਨਿੰਗ ਮੌਡਿਊਲ ਰਾਹੀਂ ਹੁਣ ਪਹਿਲੀ ਸਤੰਬਰ, 2023 ਤੋਂ ਸ਼ੁਰੂ ਕਰਕੇ ਏਜੀ ਡਰਾਈਵਰ, ਜਿਨ੍ਹਾਂ ਕੋਲ ਏਅਰ ਬ੍ਰੇਕ ਐਂਡੋਰਸਮੈਂਟ ਹੈ, ਆਪਣੇ ਲਾਇਸੰਸ ਰਨਿਊ ਕਰਵਾਉਣ ਦੇ ਯੋਗ ਹੋਣਗੇ।

ਮੌਜੂਦਾ ਨੀਤੀਆਂ ਅਨੁਸਾਰ ਏਅਰ ਬ੍ਰੇਕ ਜਾਂ ਏਅਰ ਓਵਰ ਹਾਇਡ੍ਰੌਲਿਕ ਬ੍ਰੇਕ ਸਿਸਟਮ ਵਾਲੇ ਵ੍ਹੀਕਲ ਨੂੰ ਆਪਰੇਟ ਕਰਨ ਲਈ ਡਰਾਈਵਰਾਂ ਨੂੰ ਆਪਣੇ ਓਨਟਾਰੀਓ ਵਾਲੇ ਡਰਾਈਵਰਜ਼ ਲਾਇਸੰਸ ਉੱਤੇ ਜੀ ਐਂਡੋਰਸਮੈਂਟ ਹਾਸਲ ਕਰਨ ਦੀ ਲੋੜ ਪੈਂਦੀ ਹੈ।ਇਸ ਨੂੰ ਕਿਸੇ ਵੀ ਡਰਾਈਵਰ ਟੈਸਟ ਸੈਂਟਰ ਉੱਤੇ ਨਾਲੇਜ ਤੇ ਪ੍ਰੈਕਟੀਕਲ ਟੈਸਟਸ ਮੁਕੰਮਲ ਕਰਨ ਤੋਂ ਬਾਅਦ ਹਾਸਲ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਡਰਾਈਵਰ ਕਮਿਊਨਿਟੀ ਕਾਲਜ, ਸੇਫਟੀ ਆਰਗੇਨਾਈਜ਼ੇਸ਼ਨ ਜਾਂ ਵ੍ਹੀਕਲ ਫਲੀਟ ਓਨਰ ਰਾਹੀਂ ਏਅਰ ਬ੍ਰੇਕ ਐਂਡੋਰਸਮੈਂਟ ਕੋਰਸ ਮੁਕੰਮਲ ਕਰਕੇ ਹਾਸਲ ਕੀਤਾ ਜਾ ਸਕਦਾ ਹੈ। ਇਸ ਸਿਸਟਮ ਨੂੰ ਰਨਿਊ ਕਰਨ ਲਈ ਡਰਾਈਵਰਾਂ ਨੂੰ ਡਰਾਈਵ ਟੈਸਟ ਸੈਂਟਰ ਜਾਂ ਡਰਾਈਵਰ ਸਰਟੀਫਿਕੇਸ਼ਨ ਪ੍ਰੋਗਰਾਮ ਆਰਗੇਨਾਈਜ਼ੇਸ਼ਨ ਰਾਹੀਂ ਨਿਜੀ ਤੌਰ ਉੱਤੇ ਟੈਸਟ ਦੇਣਾ ਹੁੰਦਾ ਹੈ।



ਨਵੇਂ ਆਨਲਾਈਨ ਪ੍ਰੋਗਰਾਮ ਨੂੰ ਲਾਂਚ ਕਰਨ ਨਾਲ ਡਰਾਈਵਰਾਂ ਨੂੰ ਨਿਜੀ ਤੌਰ ਉੱਤੇ ਨਾਲੇਜ ਟੈਸਟ ਮੁਕੰਮਲ ਨਹੀਂ ਕਰਨਾ ਹੋਵੇਗਾ ਸਗੋਂ ਸਰਟੀਫਿਕੇਟ ਆਫ ਕੰਪਲੀਸ਼ਨ ਹਾਸਲ ਕਰਨ ਲਈ ਆਨਲਾਈਨ ਲਰਨਿੰਗ ਮੌਡਿਊਲ ਪੂਰਾ ਕਰਨਾ ਹੋਵੇਗਾ। ਇਸ ਨੂੰ ਉਹ ਕਿਸੇ ਵੀ ਡਰਾਈਵ ਟੈਸਟ ਸੈਂਟਰ ਉੱਤੇ ਪੇਸ਼ ਕਰਕੇ ਰਨਿਊਅਲ ਪ੍ਰਕਿਰਿਆ ਪੂਰੀ ਕਰ ਸਕਣਗੇ।

ਇਸ ਬਾਰੇ ਜਾਰੀ ਕੀਤੀ ਗਈ ਰਲੀਜ਼ ਵਿੱਚ ਮਨਿਸਟਰ ਆਫ ਟਰਾਂਸਪੋਰਟੇਸ਼ਨ ਦੇ ਪਾਰਲੀਆਮਾਨੀ ਅਸਿਸਟੈਂਟ ਐਮਪੀਪੀ ਹਰਦੀਪ ਗਰੇਵਾਲ ਨੇ ਆਖਿਆ ਕਿ ਸਾਡੀ ਸਰਕਾਰ ਸਮੂਹ ਓਨਟਾਰੀਓ ਵਾਸੀਆਂ ਲਈ ਹਰ ਤਰ੍ਹਾਂ ਦੀਆਂ ਸੇਵਾਵਾਂ ਨੂੰ ਸੁਖਾਲਾ ਬਣਾਉਣ ਵਾਸਤੇ ਵਚਨਬੱਧ ਹੈ। ਆਨਲਾਈਨ ਮੌਡਿਊਲ ਪ੍ਰੋਗਰਾਮ ਲਿਆ ਕੇ ਏਜੀ ਡਰਾਈਵਰਾਂ ਨੂੰ ਆਪਣੇ ਲਾਇਸੰਸ ਰਨਿਊ ਕਰਵਾਉਣ ਲਈ ਵੱਡੀ ਰਾਹਤ ਦਿੱਤੀ ਜਾ ਰਹੀ ਹੈ।

## ਡਾਊਨਟਾਊਨ ਟੋਰਾਂਟੋ ਵਿੱਚ ਚੱਲੀਆਂ ਗੋਲੀਆਂ, ਦੋ ਜ਼ਖ਼ਮੀ




ਟੋਰਾਂਟੋ, 10 ਜੁਲਾਈ (ਪੋਸਟ ਬਿਊਰੋ) : ਡਾਊਨਟਾਊਨ ਟੋਰਾਂਟੋ ਵਿੱਚ ਸੋਮਵਾਰ ਸਵੇਰੇ ਲੋਕਾਂ ਦੇ ਕੰਮ ਉੱਤੇ ਜਾਣ ਦੇ ਸਮੇਂ ਗੋਲੀਆਂ ਚੱਲਣ ਤੋਂ ਬਾਅਦ ਦੋ ਵਿਅਕਤੀ ਜ਼ਖ਼ਮੀ ਹੋ ਗਏ।ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ।

ਯੰਗ ਤੇ ਬਲੂਅਰ ਸਟਰੀਟਸ ਇਲਾਕੇ ਵਿੱਚ ਚਾਰਲਸ ਸਟਰੀਟ ਉੱਤੇ ਸਵੇਰੇ 6:00 ਵਜੇ ਤੋਂ ਬਾਅਦ ਵਾਪਰੇ ਇਸ ਗੋਲੀਕਾਂਡ ਦਾ ਪਤਾ ਲੱਗਣ ਉੱਤੇ ਪੁਲਿਸ ਅਧਿਕਾਰੀ ਮੌਕੇ ਉੱਤੇ ਪਹੁੰਚੇ। ਗੋਲੀਆਂ ਲੱਗਣ ਕਾਰਨ ਇੱਕ ਪੁਰਸ਼ ਤੇ ਮਹਿਲਾ ਜ਼ਖ਼ਮੀ ਹਾਲਤ ਵਿੱਚ ਉੱਥੇ ਪੁਲਿਸ ਅਧਿਕਾਰੀਆਂ ਨੂੰ ਮਿਲੇ। ਪੈਰਾਮੈਡਿਕਸ ਵੱਲੋਂ ਵੀ ਦੋ ਜ਼ਖ਼ਮੀਆਂ ਦੀ ਪੁਸ਼ਟੀ ਕੀਤੀ ਗਈ ਤੇ ਦੱਸਿਆ ਗਿਆ ਕਿ ਦੋਵੇਂ ਆਪਣੇ 20ਵਿਆਂ ਵਿੱਚ ਸਨ। ਦੋਵਾਂ ਨੂੰ ਗੰਭੀਰ ਪਰ ਸਥਿਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ।

ਜਾਂਚਕਾਰਾਂ ਨੇ ਦੱਸਿਆ ਕਿ ਗੋਲੀਆਂ ਚੱਲਦੀ ਗੱਡੀ ਵਿੱਚੋਂ ਸਾਈਡਵਾਕ ਉੱਤੇ ਖੜ੍ਹੇ ਲੋਕਾਂ ਦੇ ਗਰੁੱਪ ਉੱਤੇ ਚਲਾਈਆਂ ਗਈਆਂ। ਇਹ ਲੋਕ 7 ਚਾਰਲਸ ਸਟਰੀਟ ਵੈਸਟ ਉੱਤੇ ਸਥਿਤ ਕੈਫੇ ਦੇ ਬਾਹਰ ਖੜ੍ਹੇ ਸਨ। ...ਬਾਕੀ ਪੰਨਾ 2 'ਤੇ

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

OURR HOME APPLIANCES
CANADA DAY SPECIAL
REGULAR DEAL $2,899
CANADA DAY SPECIAL
BLACK STAINLESS-STEEL PACKAGE $3,849
CANADA DAY SPECIAL
WASHER DRYER $1,699
LOCATIONS
ETOBICOKE: 44 Fasken Dr, #2-9, Etobicoke, On M9W 5M8 (416) 792-0877
BRAMPTON: Unit #1, 241 Clarence St, Brampton, On L6W 3E7 (416) 551-3343
VAUGHAN: 5781 Highway 7 Unit 10, Vaughan, ON L4L 1T8 (416) 477-5556
OAKVILLE: 1050 Speers Road, Oakville, ON L6L 2X4 (416) 613-0555
LONDON: Unit #4 -1540 Fanshawe Park Road West, London, On N6H 5L8 (519) 641-1010
STONEY CREEK: Unit #6 – 410 Lewis Road, Stoney Creek, On L8E 5Y7 (905) 643-0818
416-551-5553
WWW.OURRHOMEAPPLIANCES.COM
~OURR HOME IN EVERY HOME~

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Allstate. You're in good hands.
Insurance
*Trademark used under licence by Allstate Insurance Company. 232374 | 6-23
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਡਾਊਨਟਾਊਨ ਟੋਰਾਂਟੋ ਵਿੱਚ ਚੱਲੀਆਂ ਗੋਲੀਆਂ, ਦੋ ਜ਼ਖ਼ਮੀ

ਪੰਨਾ 1 ਦਾ ਬਾਕੀ

ਚਸ਼ਮਦੀਦਾਂ ਨੇ ਪਹਿਲਾਂ ਗੋਲੀਆਂ ਚੱਲਣ ਦੀ ਆਵਾਜ਼ ਸੁਣੀ ਤੇ ਫਿਰ ਉਨ੍ਹਾਂ ਨੂੰ ਇੱਕ ਵਿਅਕਤੀ ਜ਼ਮੀਨ ਉੱਤੇ ਡਿੱਗਦਾ ਨਜ਼ਰ ਆਇਆ। ਦੂਜਾ ਜ਼ਖ਼ਮੀ ਵਿਅਕਤੀ ਥੋੜ੍ਹਾ ਅੱਗੇ ਜਾ ਕੇ ਕੈਫੇ ਦੇ ਬਾਹਰ ਡਿੱਗਿਆ ਮਿਲਿਆ। ਮਸ਼ਕੂਕ ਕਾਲੇ ਰੰਗ ਦੀ ਐਸਯੂਵੀ ਵਿੱਚ ਪਹਿਲਾਂ ਚਾਰਲਸ ਦੇ ਪੱਛਮ ਵੱਲ ਗਏ ਤੇ ਫਿਰ ਬੇਅ ਸਟਰੀਟ ਦੇ ਉੱਤਰ ਵੱਲ ਚਲੇ ਗਏ।

ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਗੱਡੀ ਬਾਰੇ ਬਹੁਤਾ ਵੇਰਵਾ ਹਾਸਲ ਨਹੀਂ ਹੋਇਆ ਤੇ ਨਾ ਹੀ ਮਸ਼ਕੂਕਾਂ ਸਬੰਧੀ ਕੋਈ ਜਾਣਕਾਰੀ ਹਾਸਲ ਹੋਈ। ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਸੂਟਿੰਗ ਤੋਂ ਪਹਿਲਾਂ ਉਨ੍ਹਾਂ ਨੂੰ ਯੰਗ ਸਟਰੀਟ ਉੱਤੇ ਸਟੰਟ ਡਰਾਈਵਿੰਗ ਕੀਤੇ ਜਾਣ ਦੀਆਂ ਖਬਰਾਂ ਮਿਲੀਆਂ ਸਨ। ਜਾਂਚਕਾਰਾਂ ਨੇ ਦੱਸਿਆ ਕਿ ਸਟੰਟ ਡਰਾਈਵਿੰਗ ਵਿੱਚ ਸ਼ਾਮਲ ਵਿਅਕਤੀ ਹੀ ਸੂਟਿੰਗ ਸਮੇਂ ਸਟਰੀਟ ਉੱਤੇ ਮੌਜੂਦ ਸਨ। ਟੋਰਾਂਟੋ ਪੁਲਿਸ ਦੀ ਡਿਊਟੀ ਇੰਸਪੈਕਟਰ ਮਿਸ਼ੇਲ ਓਲਜ਼ੇਵਸਕੀ ਨੇ ਦੱਸਿਆ ਕਿ ਇਹ ਘਟਨਾ ਰੋਡ ਰੇਜ ਦਾ ਨਤੀਜਾ ਹੋ ਸਕਦੀ ਹੈ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਟੋਰਾਂਟੋ ਦੀ ਮੇਅਰ ਚੁਣੀ ਗਈ ਓਲੀਵੀਆ ਚਾਓ ਵੱਲੋਂ ਵੀ ਇਸ ਘਟਨਾ ਦੀ ਨਿਖੇਧੀ ਕੀਤੀ ਗਈ ਹੈ।

# ਪੁਲਿਸ ਤੋਂ ਬਚਣ ਦੀ ਕੋਸ਼ਿਸ਼ ਕਰਦਿਆਂ ਗੱਡੀ ਪਲਟੀ, ਚਾਰ ਜ਼ਖ਼ਮੀ

ਬਰੈਂਪਟਨ, 10 ਜੁਲਾਈ (ਪੋਸਟ ਬਿਊਰੋ) : ਬਰੈਂਪਟਨ ਵਿੱਚ ਇੱਕ ਗੱਡੀ ਦੇ ਪਲਟ ਜਾਣ ਕਾਰਨ ਚਾਰ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ਇਲਾਜ ਲਈ ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ।



ਇੱਕ ਸ਼ੱਕੀ ਗੱਡੀ ਦੀ ਰਿਪੋਰਟ ਮਿਲਣ ਤੋਂ ਬਾਅਦ ਸੋਮਵਾਰ ਨੂੰ ਸਵੇਰੇ 2:50 ਵਜੇ ਦੇ ਨੇੜੇ ਤੇੜੇ ਟੌਰਬ੍ਰੈਮ ਰੋਡ ਤੇ ਸੈਂਡਲਵੁੱਡ ਪਾਰਕਵੇਅ ਈਸਟ ਇਲਾਕੇ ਵਿੱਚ ਪੁਲਿਸ ਅਧਿਕਾਰੀ ਜਦੋਂ ਪਹੁੰਚੇ ਤਾਂ ਉਨ੍ਹਾਂ ਤੋਂ ਬਚਣ ਲਈ ਡਰਾਈਵਰ ਨੇ ਗੱਡੀ ਤੇਜ਼ ਕਰਕੇ ਉੱਥੋਂ ਬਚ ਨਿਕਲਣ ਦੀ ਕੋਸ਼ਿਸ਼ ਕੀਤੀ। ਗੱਡੀ ਦੇ ਨਾਲ ਇੱਕ ਕੈਂਪਰ ਵੀ ਜੁੜਿਆ ਹੋਇਆ ਸੀ। ਪੁਲਿਸ ਅਧਿਕਾਰੀਆਂ ਵੱਲੋਂ ਗੱਡੀ ਦਾ ਪਿੱਛਾ ਕੀਤਾ ਗਿਆ ਪਰ ਅਚਾਨਕ ਗੱਡੀ ਪਲਟ ਗਈ।

ਗੱਡੀ ਵਿੱਚ ਸਵਾਰ ਚਾਰੇ ਵਿਅਕਤੀ ਜ਼ਖ਼ਮੀ ਹੋ ਗਏ ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਪੁਲਿਸ ਨੇ ਦੱਸਿਆ ਕਿ ਚਾਰੇ ਵਿਅਕਤੀ ਹੋਸ਼ ਵਿੱਚ ਸਨ ਤੇ ਠੀਕ ਸਾਹ ਲੈ ਰਹੇ ਸਨ। ਇਨ੍ਹਾਂ ਉੱਤੇ ਕਿਸੇ ਤਰ੍ਹਾਂ ਦੇ ਚਾਰਜਿਜ਼ ਲਾਏ ਜਾਣ ਦਾ ਪਤਾ ਨਹੀਂ ਲੱਗਿਆ ਹੈ। ਮਾਮਲੇ ਦੀ ਜਾਂਚ ਲਈ ਟੌਰਬ੍ਰੈਮ ਨੂੰ ਸੈਂਡਲਵੁੱਡ ਤੋਂ ਦੋਵਾਂ ਦਿਸ਼ਾਵਾਂ ਵੱਲੋਂ ਬੰਦ ਕਰ ਦਿੱਤਾ ਗਿਆ ਹੈ।

# ਅੱਜ ਨਾਮਾ

ਪਈ ਆ ਹੜ੍ਹਾਂ ਨਾਲ ਮਾਰ ਤੇ ਸੋਚ ਕਰੀਏ,
ਛੱਡੀਏ ਕੁਦਰਤ ਦੇ ਨਾਲ ਖਿਲਵਾੜ ਬੇਲੀ।
ਕਿਧਰੇ ਉੱਛਲਦੇ ਫਿਰਨ ਦਰਿਆ ਭਰਵੇਂ,
ਕਿਧਰੇ ਨਹਿਰਾਂ ਵਿੱਚ ਪੈਂਦੜੇ ਪਾੜ ਬੇਲੀ।
ਕਿਧਰੇ ਪਾਣੀ ਦੀ ਆਈ ਜਦ ਛੱਲ ਤਕੜੀ,
ਲੈ ਗਈ ਦਰੱਖਤਾਂ ਨੂੰ ਨਾਲ ਉਖਾੜ ਬੇਲੀ।
ਹੋਵੇ ਜਦੋਂ ਵੀ ਕੁਦਰਤ ਦਾ ਕਹਿਰ ਭਾਰਾ,
ਟਿਕਣਗੇ ਬੰਨ੍ਹ, ਦੀਵਾਰਾਂ ਨਾ ਵਾੜ ਬੇਲੀ।
ਉੱਤੋਂ ਫਰਜ਼ ਨਹੀਂ ਸਮਝਦੀ ਰਾਜਨੀਤੀ,
ਲਾਹਾ ਲੈਣ ਦੇ ਕਰੀ ਜਾਏ ਯਤਨ ਬੇਲੀ।
ਕੁਰਸੀ ਖੋਹਣ-ਬਚਾਉਣ ਨੂੰ ਜ਼ੋਰ ਲੱਗੇ,
ਰਹਿੰਦਾ ਯਾਦ ਨਾ ਸਾਂਭਣਾ ਵਤਨ ਬੇਲੀ।

**ਤੀਸ ਮਾਰ ਖਾਂ**

# ਹਿੰਸਕ ਕਾਰਜੈਕਿੰਗ ਵਿੱਚ ਫੂਡ ਡਲਿਵਰੀ ਡਰਾਈਵਰ ਜ਼ਖ਼ਮੀ

ਮਿਸੀਸਾਗਾ, 10 ਜੁਲਾਈ (ਪੋਸਟ ਬਿਊਰੋ) : ਮਿਸੀਸਾਗਾ ਵਿੱਚ ਹਿੰਸਕ ਕਾਰਜੈਕਿੰਗ ਦੌਰਾਨ ਫੂਡ ਡਲਿਵਰੀ ਡਰਾਈਵਰ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ ਤੇ ਉਸ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਹਮਲਾਵਰ ਡਰਾਈਵਰ ਨਾਲ ਕੁੱਟਮਾਰ ਕਰਕੇ ਗੱਡੀ ਖੋਹ ਕੇ ਲੈ ਗਏ ਤੇ ਉਸ ਨੂੰ ਸੜਕ ਕਿਨਾਰੇ ਜ਼ਿੰਦਗੀ ਤੇ ਮੌਤ ਦੀ ਲੜਾਈ ਲੜਦਿਆਂ ਛੱਡ ਗਏ।



ਪੀਲ ਰੀਜਨਲ ਪੁਲਿਸ ਦਾ ਕਹਿਣਾ ਹੈ ਕਿ ਫੂਡ ਡਲਿਵਰੀ ਡਰਾਈਵਰ 9 ਜੁਲਾਈ ਨੂੰ ਤੜਕੇ 2:10 ਦੇ ਨੇੜੇ ਤੇੜੇ ਬ੍ਰਿਟੈਨੀਆ ਰੋਡ ਤੇ ਕ੍ਰੈਡਿਟਵਿਊ ਰੋਡ ਨੇੜੇ ਕੰਮ ਕਰ ਰਿਹਾ ਸੀ ਜਦੋਂ ਉਹ ਆਨਲਾਈਨ ਆਰਡਰ ਡਲਿਵਰ ਕਰਨ ਲਈ ਇੱਕ ਪਤੇ ਉੱਤੇ ਪਹੁੰਚਿਆ। ਜਾਂਚਕਾਰਾਂ ਨੇ ਦੱਸਿਆ ਕਿ ਉੱਥੇ ਕੁੱਝ ਵਿਅਕਤੀਆਂ ਨਾਲ ਉਸ ਦਾ ਟਾਕਰਾ ਹੋ ਗਿਆ ਤੇ ਮਸ਼ਕੂਕਾਂ ਵੱਲੋਂ ਉਸ ਤੋਂ ਗੱਡੀ ਖੋਹਣ ਦੀ ਕੋਸ਼ਿਸ਼ ਕੀਤੀ ਗਈ। ਇਸ ਦੌਰਾਨ ਹੀ ਡਰਾਈਵਰ ਤੇ ਮਸ਼ਕੂਕਾਂ ਦਰਮਿਆਨ ਹੱਥੋਪਾਈ ਹੋ ਗਈ।

ਕਾਰਜੈਕਿੰਗ ਤੋਂ ਬਾਅਦ ਮਸ਼ਕੂਕ ਗੱਡੀ ਲੈ ਕੇ ਉੱਥੋਂ ਫਰਾਰ ਹੋ ਗਏ ਤੇ ਉਸ ਨੂੰ ਗੰਭੀਰ ਜ਼ਖ਼ਮੀ ਹਾਲਤ ਵਿੱਚ ਸੜਕ ਕਿਨਾਰੇ ਤੜਫਦਾ ਛੱਡ ਗਏ। ਬਾਅਦ ਵਿੱਚ ਉਸ ਨੂੰ ਟਰੌਮਾ ਸੈਂਟਰ ਲਿਜਾਇਆ ਗਿਆ, ਜਿੱਥੇ ਉਸ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਜ਼ਖ਼ਮੀ ਵਿਅਕਤੀ ਦੀ ਅਜੇ ਪਛਾਣ ਨਹੀਂ ਹੋ ਸਕੀ ਹੈ। ਪੁਲਿਸ ਨੇ ਦੱਸਿਆ ਕਿ ਕਾਰਜੈਕ ਕੀਤੀ ਗਈ ਗੱਡੀ ਉਨ੍ਹਾਂ ਨੂੰ ਮਿਸੀਸਾਗਾ ਵਿੱਚ ਓਲਡ ਡੈਰੀ ਰੋਡ ਤੇ ਓਲਡ ਕ੍ਰੈਡਿਟਵਿਊ ਰੋਡ ਤੋਂ ਮਿਲ ਗਈ। ਮਸ਼ਕੂਕਾਂ ਬਾਰੇ ਅਜੇ ਤੱਕ ਕੋਈ ਜਾਣਕਾਰੀ ਹਾਸਲ ਨਹੀਂ ਹੋਈ ਹੈ।

# 7 ਰਾਜਾਂ ਵਿਚ ਹੜ੍ਹਾਂ ਅਤੇ ਜ਼ਮੀਨ ਖਿਸਕਣ ਨਾਲ 56 ਮੌਤਾਂ, ਦਿੱਲੀ ਵਿਚ ਹੜ੍ਹ ਦਾ ਖ਼ਤਰਾ



ਨਵੀਂ ਦਿੱਲੀ, 10 ਜੁਲਾਈ (ਪੋਸਟ ਬਿਊਰੋ): ਪੰਜਾਬ ਅਤੇ ਹਿਮਾਚਲ ਸਮੇਤ ਦੇਸ਼ ਦੇ ਉੱਤਰੀ ਰਾਜਾਂ ਵਿੱਚ ਮੀਂਹ ਕਾਰਨ ਹੜ੍ਹ ਵਰਗੀ ਸਥਿਤੀ ਬਣੀ ਹੋਈ ਹੈ। ਪਿਛਲੇ 24 ਘੰਟਿਆਂ ਦੌਰਾਨ ਸੱਤ ਰਾਜਾਂ ਵਿਚ ਜ਼ਮੀਨ ਖਿਸਕਣ ਅਤੇ ਹੜ੍ਹਾਂ ਦੀਆਂ ਵੱਖ-ਵੱਖ ਘਟਨਾਵਾਂ ਵਿੱਚ 56 ਲੋਕਾਂ ਦੀ ਮੌਤ ਹੋ ਗਈ।

ਮਨਾਲੀ ਵਿੱਚ ਮੀਂਹ ਦਾ 52 ਸਾਲਾਂ ਦਾ ਰਿਕਾਰਡ ਟੁੱਟ ਗਿਆ ਹੈ। ਹਿਮਾਚਲ ਦੇ ਮੁੱਖ ਮੰਤਰੀ ਨੇ ਲੋਕਾਂ ਨੂੰ ਅਗਲੇ 24 ਘੰਟਿਆਂ ਤੱਕ ਘਰਾਂ ਵਿੱਚ ਰਹਿਣ ਲਈ ਕਿਹਾ ਹੈ। ਸੂਬੇ ਦੀਆਂ ਕਈ ਨਦੀਆਂ ਅਤੇ ਨਹਿਰਾਂ ਖ਼ਤਰੇ ਦੇ ਨਿਸ਼ਾਨ ਤੋਂ ਉੱਪਰ ਹਨ। ਦੋ ਥਾਵਾਂ ਤੋਂ ਬੱਦਲ ਫਟ ਗਿਆ ਹੈ।

ਦਿੱਲੀ ਵਿੱਚ ਯਮੁਨਾ ਨਦੀ ਦਾ ਪਾਣੀ ਦਾ ਪੱਧਰ ਖਤਰੇ ਦੇ ਨਿਸ਼ਾਨ ਨੂੰ ਪਾਰ ਕਰ ਗਿਆ ਹੈ। ਮੁੱਖ ਮੰਤਰੀ ਕੇਜਰੀਵਾਲ ਨੇ ਕਿਹਾ ਹੈ ਕਿ ਸਾਡਾ ਸਿਸਟਮ ਇਸ ਤਰ੍ਹਾਂ ਦੇ ਮੀਂਹ ਲਈ ਨਹੀਂ ਬਣਾਇਆ ਗਿਆ ਸੀ। ਇਸ ਸਮੇਂ ਸਾਰੇ ਰਾਜਾਂ ਨੂੰ ਮਿਲ ਕੇ ਕੰਮ ਕਰਨਾ ਹੋਵੇਗਾ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਹੜ੍ਹ ਅਤੇ ਮੀਂਹ ਦੀ ਸਥਿਤੀ ਨੂੰ ਲੈ ਕੇ ਮੰਤਰੀਆਂ ਅਤੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਹੈ। ਪੀ.ਐੱਮ.ਓ. ਮੁਤਾਬਕ ਪ੍ਰਸ਼ਾਸਨ ਅਤੇ ਐੱਨ.ਡੀ.ਆਰ.ਐੱਫ. ਅਤੇ ਐੱਸ.ਡੀ.ਆਰ.ਐੱਫ. ਦੀਆਂ ਟੀਮਾਂ ਬਚਾਅ ਵਿਚ ਜੁਟੀਆਂ ਹੋਈਆਂ ਹਨ। ਦੇਸ਼ ਦੀ ਕੁੱਲ ਬਾਰਿਸ਼ ਹੁਣ ਆਮ ਨਾਲੋਂ ਵੱਧ ਹੈ। 9 ਜੁਲਾਈ ਤੱਕ ਆਮ ਮੀਂਹ 239 ਮਿਲੀਮੀਟਰ ਸੀ। ਹੁਣ ਇਹ ਅੰਕੜਾ 243 ਮਿਲੀਮੀਟਰ ਤੱਕ ਪਹੁੰਚ ਗਿਆ ਹੈ, ਜੋ ਕਿ 2% ਵੱਧ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047



TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9



NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience



SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca



ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS
uktruck1@gmail.com
Jitpal Singh Deol
647-204-1936

## ਮਣੀਪੁਰ ਹਿੰਸਾ ਨੂੰ ਲੈ ਕੇ ਸੁਪਰੀਮ ਕੋਰਟ ਨੇ ਸੂਬਾ ਸਰਕਾਰ ਨੂੰ ਲਾਈ ਫਟਕਾਰ



ਨਵੀਂ ਦਿੱਲੀ, 10 ਜੁਲਾਈ (ਪੋਸਟ ਬਿਊਰੋ): ਭਾਰਤ ਦੇ ਚੀਫ਼ ਜਸਟਿਸ ਡੀਵਾਈ ਚੰਦਰਚੂੜ ਨੇ ਅੱਜ ਮਣੀਪੁਰ ਦੀ ਸਥਿਤੀ ’ਤੇ ਕਈ ਪਟੀਸ਼ਨਾਂ ’ਤੇ ਸੁਣਵਾਈ ਕਰਦਿਆਂ ਕਿਹਾ ਕਿ ਸੁਪਰੀਮ ਕੋਰਟ ਕਾਨੂੰਨ ਵਿਵਸਥਾ ਨਹੀਂ ਚਲਾ ਸਕਦੀ। ਇਹ ਚੁਣੀ ਹੋਈ ਸਰਕਾਰ ਅਤੇ ਕੇਂਦਰ ਸਰਕਾਰ ਦਾ ਕੰਮ ਹੈ। ਦਰਅਸਲ, ਕੂਕੀ ਸਮੂਹਾਂ ਵੱਲੋਂ ਪੇਸ਼ ਹੋਏ ਸੀਨੀਅਰ ਐਡਵੋਕੇਟ ਕੋਲਿਨ ਗੋਂਜਾਲਵੇਜ ਨੇ ਸੂਬਾ ਵਿੱਚ ਵੱਧ ਰਹੀ ਹਿੰਸਾ ਬਾਰੇ ਚਿੰਤਾ ਪ੍ਰਗਟਾਈ। ਉਨ੍ਹਾਂ ਨੇ ਉੱਤਰ-ਪੂਰਬੀ ਸੂਬੇ ਵਿੱਚ ਸਥਿਤੀ ਨੂੰ ਕਾਬੂ ਵਿੱਚ ਲਿਆਉਣ ਲਈ ਸੁਪਰੀਮ ਕੋਰਟ ਦੇ ਦਖਲ ਦੀ ਮੰਗ ਕੀਤੀ।

ਇਸ ’ਤੇ ਭਾਰਤ ਦੇ ਚੀਫ ਜਸਟਿਸ ਡੀਵਾਈ ਚੰਦਰਚੂੜ ਦੀ ਅਗਵਾਈ ਵਾਲੇ ਬੈਂਚ ਨੇ ਜ਼ੋਰ ਦੇ ਕੇ ਕਿਹਾ ਕਿ ਸੁਰੱਖਿਆ ਜਾਂ ਕਾਨੂੰਨ ਵਿਵਸਥਾ ਦੇ ਪ੍ਰਬੰਧਨ ’ਚ ਅਦਾਲਤ ਦੀਆਂ ਸੀਮਾਵਾਂ ਨੂੰ ਧਿਆਨ ’ਚ ਰੱਖਦੇ ਹੋਏ ਇਸ ਮੁੱਦੇ ਨੂੰ ਮਾਨਵਤਾਵਾਦੀ ਨਜ਼ਰੀਏ ਤੋਂ ਦੇਖਿਆ ਜਾਣਾ ਚਾਹੀਦਾ ਹੈ। ਹਾਲਾਂਕਿ ਸਰਕਾਰ ਵੱਲੋਂ ਜਾਰੀ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਮਣੀਪੁਰ ਹਿੰਸਾ ਵਿੱਚ 142 ਜਣਿਆ ਦੀ ਜਾਨ ਚਲੀ ਗਈ ਹੈ ਅਤੇ 5,995 ਕੇਸ ਦਰਜ ਕੀਤੇ ਗਏ ਹਨ।

ਗੋਂਜਾਲਵੇਜ ਦੀ ਪਟੀਸ਼ਨ ‘ਤੇ ਚੀਫ ਜਸਟਿਸ ਡੀਵਾਈ ਚੰਦਰਚੂੜ ਨੇ ਕਿਹਾ ਕਿ ਤੁਹਾਡੇ ਅਵਿਸ਼ਵਾਸ ਦੇ ਬਾਵਜੂਦ, ਅਸੀਂ ਸੂਬੇ ਦੀ ਕਾਨੂੰਨ ਵਿਵਸਥਾ ਨੂੰ ਆਪਣੇ ਹੱਥਾਂ ’ਚ ਨਹੀਂ ਲੈ ਸਕਦੇ। ਇਹ ਸੂਬਾ ਅਤੇ ਕੇਂਦਰ ਸਰਕਾਰ ਦੀ ਜ਼ਿੰਮੇਵਾਰੀ ਹੈ।

ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਮਣੀਪੁਰ ਸਰਕਾਰ ਦੀ ਤਰਫੋਂ ਸੂਬੇ ਦੀ ਸਥਿਤੀ ਰਿਪੋਰਟ ਪੇਸ਼ ਕੀਤੀ। ਪਿਛਲੀ ਸੁਣਵਾਈ ਵਿਚ ਅਦਾਲਤ ਨੇ ਉਨ੍ਹਾਂ ਨੂੰ ਰਿਪੋਰਟ ਪੇਸ਼ ਕਰਨ ਦੇ ਹੁਕਮ ਦਿੱਤੇ ਸਨ। ਐਸਜੀ ਮਹਿਤਾ ਨੇ ਕਿਹਾ ਕਿ ਅਸੀਂ ਮਣੀਪੁਰ ਦੇ ਲੋਕਾਂ ਲਈ ਇੱਥੇ ਮੌਜੂਦ ਹਾਂ। ਪਟੀਸ਼ਨਕਰਤਾਵਾਂ ਨੂੰ ਇਸ ਮਾਮਲੇ ਨੂੰ ਬਹੁਤ ਹੀ ਸੰਵੇਦਨਸ਼ੀਲਤਾ ਨਾਲ ਉਠਾਉਣਾ ਚਾਹੀਦਾ ਹੈ, ਕਿਉਂਕਿ ਕੋਈ ਵੀ ਗਲਤ ਜਾਣਕਾਰੀ ਸੂਬੇ ਦੀ ਸਥਿਤੀ ਨੂੰ ਹੋਰ ਵਿਗਾੜ ਸਕਦੀ ਹੈ। ਸੂਬੇ ਸਰਕਾਰ ਅਤੇ ਕੇਂਦਰ ਦੇ ਯਤਨਾਂ ਸਦਕਾ ਸਥਿਤੀ ਆਮ ਵਾਂਗ ਹੋ ਰਹੀ ਹੈ।

# ਮੁੱਖ ਮੰਤਰੀ ਵੱਲੋਂ ਜ਼ਮੀਨੀ ਪੱਧਰ 'ਤੇ ਰਾਹਤ ਤੇ ਬਚਾਅ ਕਾਰਜਾਂ ਦਾ ਜਾਇਜ਼ਾ, ਮੋਹਾਲੀ ਅਤੇ ਰੋਪੜ ਜ਼ਿਲ੍ਹਿਆਂ ਦੇ ਮੀਂਹ ਪ੍ਰਭਾਵਿਤ ਇਲਾਕਿਆਂ ਦਾ ਤੂਫ਼ਾਨੀ ਦੌਰਾ

### ਸਥਿਤੀ ਦਾ ਜਾਇਜ਼ਾ ਲੈਣ ਲਈ ਹੈਲੀਕਾਪਟਰ ਉਤੇ ਗੇੜੇ ਕੱਢ ਕੇ ਖ਼ਾਨਾਪੂਰਤੀ ਕਰਨ ਦੀ ਬਜਾਏ ਲੋਕਾਂ ਕੋਲ ਜਾ ਕੇ ਲੈ ਰਿਹਾ ਹਾਂ ਹਾਲਾਤ ਦਾ ਜਾਇਜ਼ਾ

ਚੰਡੀਗੜ੍ਹ, 10 ਜੁਲਾਈ (ਪੋਸਟ ਬਿਊਰੋ): ਜ਼ਮੀਨੀ ਪੱਧਰ 'ਤੇ ਚੱਲ ਰਹੇ ਰਾਹਤ ਅਤੇ ਬਚਾਅ ਕਾਰਜਾਂ ਦਾ ਜਾਇਜ਼ਾ ਲੈਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਮੀਂਹ ਨਾਲ ਪ੍ਰਭਾਵਿਤ ਇਲਾਕਿਆਂ ਦਾ ਤੂਫ਼ਾਨੀ ਦੌਰਾ ਕੀਤਾ। ਇਸ ਤੋਂ ਬਾਅਦ ਮੁੱਖ ਮੰਤਰੀ ਨੇ ਮੂਸਲੇਧਾਰ ਮੀਂਹ ਕਾਰਨ ਪ੍ਰਭਾਵਿਤ ਹੋਏ ਨੀਵੇਂ ਇਲਾਕਿਆਂ ਵਿੱਚੋਂ ਸੁਰੱਖਿਅਤ ਕੱਢੇ ਗਏ ਲੋਕਾਂ ਨਾਲ ਗੱਲਬਾਤ ਵੀ ਕੀਤੀ।

ਮੋਹਾਲੀ ਦੇ ਫੇਜ਼ 6 ਵਿੱਚ ਸਥਿਤ ਰੈਣ ਬਸੇਰਾ, ਜਮੁਨਾ ਅਪਾਰਟਮੈਂਟਸ ਖਰੜ, ਪਿੰਡ ਕਜੌਲੀ, ਬੂਥਗੜ੍ਹ ਅਤੇ ਰੋਪੜ ਜ਼ਲ੍ਹਿ ਦਾ ਦੌਰਾ ਕਰਨ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਉਹ ਪਹਿਲੇ ਮੁੱਖ ਮੰਤਰੀਆਂ ਵਾਂਗ ਖ਼ਾਨਾਪੂਰਤੀ ਕਰਨ ਲਈ ਸਥਿਤੀ ਦਾ ਜਾਇਜ਼ਾ ਲੈਣ ਵਾਸਤੇ ਹੈਲੀਕਾਪਟਰ ਉਤੇ ਗੇੜੇ ਨਹੀਂ ਲਾ ਰਹੇ ਸਗੋਂ ਖੁਦ ਲੋਕਾਂ ਕੋਲ ਜਾ ਕੇ ਅਸਲ ਸਥਿਤੀ ਦਾ ਪਤਾ ਲਾ ਰਹੇ ਹਨ। ਉਨ੍ਹਾਂ ਕਿਹਾ ਕਿ ਸਥਿਤੀ ਚਿੰਤਾਜਨਕ ਹੈ ਪਰ ਫਿਰ ਵੀ ਸੂਬਾ ਸਰਕਾਰ ਜਾਨੀ ਨੁਕਸਾਨ ਨੂੰ ਘੱਟ ਕਰਨ ਲਈ ਹਰ ਸੰਭਵ ਯਤਨ ਕਰ ਰਹੀ ਹੈ। ਭਗਵੰਤ ਮਾਨ ਨੇ ਕਿਹਾ ਕਿ ਬਚਾਅ ਕਾਰਜਾਂ ਲਈ ਐਨ.ਡੀ.ਆਰ.ਐਫ. ਦੀਆਂ ਟੀਮਾਂ ਲਾਈਆਂ ਗਈਆਂ ਹਨ ਪਰ ਅਜੇ ਤੱਕ ਇਸ ਕੰਮ ਲਈ ਅਧਿਕਾਰਤ ਤੌਰ 'ਤੇ ਫੌਜ ਨੂੰ ਨਹੀਂ ਲਾਇਆ ਗਿਆ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਐਤਵਾਰ ਨੂੰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਗੱਲ ਹੋਈ ਸੀ ਜਿਸ ਦੌਰਾਨ ਉਨ੍ਹਾਂ ਨੇ ਸ੍ਰੀ ਸ਼ਾਹ ਨੂੰ ਸੂਬੇ ਦੀ ਸਮੁੱਚੀ ਸਥਿਤੀ ਬਾਰੇ ਜਾਣੂ ਕਰਵਾਇਆ ਸੀ। ਉਨ੍ਹਾਂ ਕਿਹਾ ਕਿ ਫਿਲਹਾਲ ਰਾਹਤ ਅਤੇ ਬਚਾਅ ਕਾਰਜਾਂ ਲਈ ਕੇਂਦਰੀ ਸਹਾਇਤਾ ਦੀ ਲੋੜ ਨਹੀਂ ਹੈ ਕਿਉਂਕਿ ਸਥਿਤੀ ਕਾਬੂ ਹੇਠ ਹੈ। ਹਾਲਾਂਕਿ, ਭਗਵੰਤ ਮਾਨ ਨੇ ਕਿਹਾ ਕਿ ਜੇਕਰ ਲੋੜ ਪਈ ਤਾਂ ਸਥਿਤੀ ਨਾਲ ਨਿਪਟਣ ਲਈ ਕੇਂਦਰ ਸਰਕਾਰ ਤੋਂ ਮਦਦ ਮੰਗੀ ਜਾਵੇਗੀ।

ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਸੂਬੇ ਵਿੱਚ ਭਾਰੀ ਮੀਂਹ ਕਾਰਨ ਫਸਲਾਂ, ਘਰਾਂ ਅਤੇ ਹੋਰ ਨੁਕਸਾਨ ਦਾ ਪਤਾ ਲਾਉਣ ਲਈ ਵਿਸ਼ੇਸ਼ ਗਿਰਦਾਵਰੀ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਮੀਂਹਾਂ ਕਾਰਨ ਹੋਏ ਨੁਕਸਾਨ ਦਾ ਪਹਿਲ ਦੇ ਆਧਾਰ 'ਤੇ ਪਤਾ ਲਾਉਣ ਲਈ ਤੁਰੰਤ ਗਿਰਦਾਵਰੀ ਕਰਵਾਉਣ ਵਾਸਤੇ ਡਿਪਟੀ ਕਮਿਸ਼ਨਰਾਂ ਨੂੰ ਵਿਸਥਾਰਤ ਹਦਾਇਤਾਂ ਜਾਰੀ ਕੀਤੀਆਂ ਜਾਣਗੀਆਂ। ਭਗਵੰਤ ਮਾਨ ਨੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਕੁਦਰਤ ਦੇ ਕਹਿਰ ਕਾਰਨ ਪੈਦਾ ਹੋਏ ਹਾਲਾਤ ਵਿੱਚ ਸਰਕਾਰ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ।

ਇਸ ਦੌਰਾਨ ਮੁੱਖ ਮੰਤਰੀ ਨੇ





ਲੋਕਾਂ ਨੂੰ ਬਿਲਕੁਲ ਵੀ ਨਾ ਘਬਰਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਲੋਕਾਂ ਦੀ ਸੇਵਾ ਵਿੱਚ ਹਰ ਵੇਲੇ ਹਾਜ਼ਰ ਹੈ ਅਤੇ ਸੂਬੇ ਵਿੱਚ ਲਗਾਤਾਰ ਪੈ ਰਹੇ ਮੀਂਹ ਕਾਰਨ ਬਣੇ ਹਾਲਾਤਾਂ 'ਤੇ ਨਿਰੰਤਰ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਇੱਕ ਕੁਦਰਤੀ ਆਫ਼ਤ ਹੈ ਅਤੇ ਸਾਰਿਆਂ ਦੇ ਪੂਰਨ ਸਹਿਯੋਗ ਨਾਲ ਇਸ ਸਥਿਤੀ ਦਾ ਸੁਚੱਜੇ ਢੰਗ ਨਾਲ ਟਾਕਰਾ ਕੀਤਾ ਜਾਵੇਗਾ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਸੂਬਾ ਸਰਕਾਰ ਇਸ ਔਖੀ ਘੜੀ ਵਿੱਚ ਪੰਜਾਬ ਦੇ ਲੋਕਾਂ ਦੇ ਨਾਲ ਹੈ ਅਤੇ ਲੋਕਾਂ ਨੂੰ ਇਸ ਸੰਕਟ ਵਿੱਚੋਂ ਕੱਢਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਮਾਨ ਨੇ ਲੋਕਾਂ ਨੂੰ ਕਿਸੇ ਵੀ ਗੱਲ ਦੀ ਚਿੰਤਾ ਨਾ ਕਰਨ ਦੀ ਅਪੀਲ ਕੀਤੀ ਕਿਉਂਕਿ ਸੂਬਾ ਸਰਕਾਰ ਹਾਲਾਤਾਂ ਨੂੰ ਸੁਖਾਵੇਂ ਬਣਾਉਣ ਲਈ ਠੋਸ ਉਪਰਾਲੇ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਨਿੱਜੀ ਤੌਰ 'ਤੇ ਸੂਬੇ ਦੇ ਹਰ ਕੋਨੇ ਤੋਂ ਪਲ-ਪਲ ਉੱਤੇ ਸਥਿਤੀ ਦਾ ਜਾਇਜ਼ਾ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਭਾਰੀ ਮੀਂਹ ਕਿਸੇ ਵੀ ਵਿਅਕਤੀ ਦੇ ਵੱਸ ਤੋਂ ਬਾਹਰ ਹੈ ਪਰ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਸਰਕਾਰ ਵੱਲੋਂ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਭਗਵੰਤ ਮਾਨ ਨੇ ਕਿਹਾ ਕਿ ਪਹਿਲਾਂ ਹੀ ਸਾਰੇ ਕੈਬਨਿਟ ਮੰਤਰੀ, ਵਿਧਾਇਕ ਅਤੇ ਅਧਿਕਾਰੀ ਆਪੋ-ਆਪਣੇ ਖੇਤਰਾਂ ਵਿੱਚ ਮੌਜੂਦ ਹਨ ਅਤੇ ਇਸ ਔਖੀ ਘੜੀ ਵਿੱਚ ਲੋੜਵੰਦ ਲੋਕਾਂ ਤੱਕ ਪਹੁੰਚ ਕਰ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਦੇ ਜਾਨ-ਮਾਲ ਦੀ ਰਾਖੀ ਲਈ ਹੜ੍ਹਾਂ ਤੋਂ ਬਚਾਅ ਵਾਸਤੇ ਠੋਸ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਰਾਹਤ ਪਹੁੰਚਾਉਣ ਲਈ ਡਿਪਟੀ ਕਮਿਸ਼ਨਰ ਅਤੇ ਐਸ.ਐਸ.ਪੀਜ਼ ਆਪੋ-ਆਪਣੇ ਜ਼ਿਲ੍ਹਿਆਂ ਵਿੱਚ ਰਾਹਤ ਕਾਰਜ ਤੇਜ਼ੀ ਨਾਲ ਚਲਾ ਰਹੇ ਹਨ। ਭਗਵੰਤ ਮਾਨ ਨੇ ਦੱਸਿਆ ਕਿ ਨੀਵੇਂ ਅਤੇ ਪ੍ਰਭਾਵਿਤ ਇਲਾਕਿਆਂ ਵਿੱਚ ਪਹਿਲਾਂ ਹੀ ਅਲਰਟ ਜਾਰੀ ਕਰ ਦਿੱਤਾ ਗਿਆ ਹੈ ਅਤੇ ਲੋੜਵੰਦ ਲੋਕਾਂ ਦੀ ਮਦਦ ਕੀਤੀ ਜਾ ਰਹੀ ਹੈ।

ਮੁੱਖ ਮੰਤਰੀ ਨੇ ਇਸ ਗੰਭੀਰ ਸੰਕਟ ਦੀ ਘੜੀ ਵਿੱਚ ਲੋਕਾਂ ਨੂੰ ਤੁਰੰਤ ਰਾਹਤ ਅਤੇ ਮਦਦ ਪ੍ਰਦਾਨ ਕਰਨ ਲਈ ਆਪਣੀ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਇਆ। ਭਗਵੰਤ ਮਾਨ ਨੇ ਕਿਹਾ ਕਿ ਭਾਰੀ ਮੀਂਹ ਕਾਰਨ ਪੈਦਾ ਹੋਈ ਇਸ ਸਥਿਤੀ ਵਿੱਚ ਲੋਕਾਂ ਦੇ ਜਾਨ-ਮਾਲ ਦੀ ਸੁਰੱਖਿਆ ਸੂਬਾ ਸਰਕਾਰ ਦਾ ਫ਼ਰਜ਼ ਹੈ। ਉਨ੍ਹਾਂ ਕਿਹਾ ਕਿ ਮੰਤਰੀ, ਵਿਧਾਇਕ ਅਤੇ ਅਧਿਕਾਰੀ ਨੀਵੇਂ ਅਤੇ ਹੜ੍ਹ ਵਰਗੇ ਹਾਲਾਤ ਨਾਲ ਜੂਝ ਰਹੇ ਇਲਾਕਿਆਂ ਦਾ ਦੌਰਾ ਕਰ ਰਹੇ ਹਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਇਨ੍ਹਾਂ ਇਲਾਕਿਆਂ ਤੋਂ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਜਾਵੇ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਹੜ੍ਹ ਕੰਟਰੋਲ ਰੂਮ ਸਥਾਪਤ ਕੀਤੇ ਗਏ ਹਨ, ਜਿਨ੍ਹਾਂ ਦੇ ਨੰਬਰ ਜਾਰੀ ਕਰ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸੇਵਾ ਲਈ ਇਨ੍ਹਾਂ ਕੰਟਰੋਲ ਰੂਮਾਂ ਵਿੱਚ 24 ਘੰਟੇ ਅਧਿਕਾਰੀ ਤਾਇਨਾਤ ਕੀਤੇ ਗਏ ਹਨ। ਭਗਵੰਤ ਮਾਨ ਨੇ ਕਿਹਾ ਕਿ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਐਮਰਜੈਂਸੀ ਦੀ ਸਥਿਤੀ ਵਿੱਚ ਲੋਕਾਂ ਵੱਲੋਂ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਸਬੰਧੀ ਆਉਣ ਵਾਲੀ ਕਾਲ 'ਤੇ ਤੁਰੰਤ ਕਾਰਵਾਈ ਕਰਨਾ ਯਕੀਨੀ ਬਣਾਉਣ।

## ਇਜ਼ਰਾਈਲੀਆਂ ’ਤੇ ਹਮਲਾ ਕਰਨ ਵਾਲਿਆਂ ਦੇ ਦੋ ਨਤੀਜੇ ਹੋਣਗੇ, ਕਾਤਲਾਂ ਨੂੰ ਮੌਤ ਜਾਂ ਜੇਲ੍ਹ : ਨੇਤਨਯਾਹੂ

ਤਲ ਅਵੀਵ, 10 ਜੁਲਾਈ (ਪੋਸਟ ਬਿਊਰੋ): ਇਜ਼ਰਾਈਲ ਅਤੇ ਫਲਸਤੀਨ ਵਿਚਾਲੇ ਤਣਾਅ ਫਿਰ ਵਧ ਗਿਆ ਹੈ। ਅੱਤਵਾਦੀ ਸੰਗਠਨ ਹਮਾਸ ਫਲਸਤੀਨ ਦੇ ਕਬਜ਼ੇ ਵਾਲੇ ਖੇਤਰ ਤੋਂ ਇਜ਼ਰਾਈਲ 'ਤੇ ਹਮਲੇ ਕਰ ਰਿਹਾ ਹੈ। ਇਜ਼ਰਾਈਲ ਵੱਲੋਂ ਜਵਾਬੀ ਹਮਲੇ ਕੀਤੇ ਜਾ ਰਹੇ ਹਨ।

ਹੁਣ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਇੱਕ ਵਾਰ ਫਿਰ ਹਮਾਸ ਅਤੇ ਉਸਦੇ ਮੱਦਦਗਾਰਾਂ ਨੂੰ ਚੇਤਾਵਨੀ ਦਿੱਤੀ ਹੈ। ਨੇਤਨਯਾਹੂ ਨੇ ਕਿਹਾ ਕਿ ਜੇਕਰ ਕੋਈ ਇਜ਼ਰਾਈਲੀ ਨਾਗਰਿਕਾਂ ਦੀ ਹੱਤਿਆ ਕਰਦਾ ਹੈ ਤਾਂ ਉਸ ਨੂੰ ਇਸ ਦੇ ਨਤੀਜਿਆਂ ਬਾਰੇ ਵੀ ਸੋਚਣਾ ਚਾਹੀਦਾ ਹੈ। ਉਸ ਨੂੰ ਜਾਂ ਤਾਂ ਜੇਲ੍ਹ ਜਾਂ ਮੌਤ ਹੋਵੇਗੀ। ਸਾਡੇ ਨਾਗਰਿਕਾਂ ਦੇ ਕਾਤਲਾਂ ਨੂੰ ਬਖਸ਼ਣ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ।

ਨੇਤਨਯਾਹੂ ਨੇ ਐਤਵਾਰ ਰਾਤ ਨੂੰ ਕੈਬਨਿਟ ਮੀਟਿੰਗ ਕੀਤੀ। ਇਸ ਦੌਰਾਨ ਅਰਧ ਸੈਨਿਕ ਬਲ ਦੇ ਅਧਿਕਾਰੀ



ਸਾਰਜੈਂਟ ਡੇਵਿਡ ਯੇਹੂਦਾ ਯਿਤਜ਼ਾਕ ਦੀ ਮੌਤ 'ਤੇ ਸੋਗ ਪ੍ਰਗਟ ਕੀਤਾ ਗਿਆ। 23 ਸਾਲਾ ਡੇਵਿਡ ਨੂੰ ਪਿਛਲੇ ਹਫਤੇ ਅੱਤਵਾਦੀਆਂ ਨੇ ਕਬਜ਼ੇ ਵਾਲੇ ਫਲਸਤੀਨੀ ਸ਼ਹਿਰ ਜੇਨਿਨ ਵਿਚ ਛਾਪੇਮਾਰੀ ਤੋਂ ਬਾਅਦ ਵਾਪਿਸ ਪਰਤਦੇ ਸਮੇਂ ਮਾਰ ਦਿੱਤਾ ਸੀ। ਇਸ ਤੋਂ ਬਾਅਦ ਸ਼ੁੱਕਰਵਾਰ ਨੂੰ 22 ਸਾਲਾ ਸ਼ੀਲੋ ਯੂਸਫ ਅਮਿਰ ਨੂੰ ਵੀ ਹਮਾਸ ਦੇ ਅੱਤਵਾਦੀਆਂ ਨੇ ਗੋਲੀ ਮਾਰ ਦਿੱਤੀ ਸੀ। ਬਾਅਦ ਵਿਚ ਅਮਿਰ ਦੀ ਮੌਤ ਹੋ ਗਈ।

ਕੈਬਨਿਟ ਮੀਟਿੰਗ 'ਚ ਨੇਤਨਯਾਹੂ ਨੇ ਕਿਹਾ ਕਿ ਮੇਰੀ ਸਰਕਾਰ ਅਤੇ ਇਜ਼ਰਾਈਲ ਦੇ ਲੋਕ ਬਹਾਦਰ ਸੈਨਿਕਾਂ ਦੀ ਮੌਤ ਤੋਂ ਦੁਖੀ ਹਨ। ਅਸੀਂ ਉਨ੍ਹਾਂ ਨੂੰ ਸਲਾਮ ਕਰਦੇ ਹਾਂ ਅਤੇ ਇਹ ਵਾਅਦਾ ਵੀ ਕਰਦੇ ਹਾਂ ਕਿ ਭਾਵੇਂ ਕੁਝ ਵੀ ਹੋ ਜਾਵੇ, ਇਜ਼ਰਾਈਲ ਕਿਸੇ ਵੀ ਅੱਤਵਾਦੀ ਨੂੰ ਨਹੀਂ ਬਖਸ਼ੇਗਾ।

ਇਜ਼ਰਾਈਲ ਦੇ ਪ੍ਰਧਾਨ ਮੰਤਰੀ ਨੇ ਕਿਹਾ ਕਿ ਅਸੀਂ ਯਕੀਨੀ ਤੌਰ 'ਤੇ ਇਜ਼ਰਾਈਲੀ ਲੋਕਾਂ ਨੂੰ ਉੱਥੇ ਵਸਾਵਾਂਗੇ ਜਿੱਥੇ ਅਸੀਂ ਵਸਣਾ ਚਾਹੁੰਦੇ ਹਾਂ। ਅੱਤਵਾਦੀ ਜਿੱਥੇ ਵੀ ਹਨ, ਉਨ੍ਹਾਂ ਦੇ ਸੁਰੱਖਿਅਤ ਟਿਕਾਣਿਆਂ ਨੂੰ ਨਸ਼ਟ ਕਰ ਦਿੱਤਾ ਜਾਵੇਗਾ ਅਤੇ ਅੱਤਵਾਦੀਆਂ ਖਿਲਾਫ ਅਚਾਨਕ ਹਮਲੇ ਜਾਰੀ ਰਹਿਣਗੇ। ਕਿਸੇ ਨੂੰ ਵੀ ਸ਼ੱਕ ਨਹੀਂ ਹੋਣਾ ਚਾਹੀਦਾ ਹੈ ਕਿ ਇਜ਼ਰਾਈਲ ਆਪਣੇ ਨਿਸ਼ਾਨੇ ਨੂੰ ਮਾਰਨ ਦਾ ਸਮਾਂ ਅਤੇ ਸਥਾਨ ਤੈਅ ਕਰੇਗਾ। ਅਸੀਂ ਗਾਜ਼ਾ ਅਤੇ ਜੇਨਿਨ ਵਿੱਚ ਅਜਿਹਾ ਕੀਤਾ ਹੈ ਅਤੇ ਅਜਿਹਾ ਕਰਦੇ ਰਹਾਂਗੇ।

## ਸਪੇਨ ਜਾ ਰਹੀਆਂ 3 ਕਿਸ਼ਤੀਆਂ ਵਿਚ ਸਵਾਰ 300 ਲੋਕ ਲਾਪਤਾ



ਸੇਨੇਗਲ, 10 ਜੁਲਾਈ (ਪੋਸਟ ਬਿਊਰੋ): ਸੋਮਵਾਰ ਨੂੰ ਸਪੇਨ ਜਾ ਰਹੀਆਂ 3 ਕਿਸ਼ਤੀਆਂ ਦੇ ਲਾਪਤਾ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਜਾਣਕਾਰੀ ਮੁਤਾਬਕ ਸੇਨੇਗਲ ਤੋਂ ਤਿੰਨ ਕਿਸ਼ਤੀਆਂ 'ਚ ਸਪੇਨ ਜਾ ਰਹੇ ਘੱਟੋ-ਘੱਟ 300 ਲੋਕ ਲਾਪਤਾ ਹਨ। ਸਪੇਨ ਦੇ ਇਕ ਸਹਾਇਤਾ ਸਮੂਹ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੱਤੀ। ਵਾਕਿੰਗ ਬਾਰਡਰਜ਼ (ਕੈਮਿਨਾਂਡੋ ਫਰਾਂਟੇਰਸ) ਦੀ ਕੋਆਰਡੀਨੇਟਰ ਹੇਲੇਨਾ ਮੈਲੇਨੋ ਗਾਰਜ਼ਨ ਨੇ ਕਿਹਾ ਕਿ ਦੋ ਕਿਸ਼ਤੀਆਂ 23 ਜੂਨ ਨੂੰ ਲਗਭਗ 100 ਲੋਕਾਂ ਨਾਲ ਐਮਬੋਰ ਸ਼ਹਿਰ ਤੋਂ ਰਵਾਨਾ ਹੋਈਆਂ ਅਤੇ ਇੱਕ ਤੀਜੀ ਕਿਸ਼ਤੀ ਚਾਰ ਦਿਨ ਬਾਅਦ ਲਗਭਗ 200 ਲੋਕਾਂ ਨਾਲ ਦੱਖਣੀ ਸ਼ਹਿਰ ਕਾਫੌਂਟਿਨ ਤੋਂ ਰਵਾਨਾ ਹੋਈ।

ਸਮਾਚਾਰ ਏਜੰਸੀ ਏਪੀ ਦੇ ਮੁਤਾਬਕ ਕਿ ਸਭ ਤੋਂ ਜ਼ਰੂਰੀ ਕੰਮ ਉਨ੍ਹਾਂ ਲੋਕਾਂ ਨੂੰ ਲੱਭਣਾ ਹੈ। ਬਹੁਤ ਸਾਰੇ ਲੋਕ ਸਮੁੰਦਰ ਵਿੱਚ ਲਾਪਤਾ ਹਨ, ਇਹ ਆਮ ਗੱਲ ਨਹੀਂ ਹੈ, ਸਾਨੂੰ ਉਨ੍ਹਾਂ ਦੀ ਭਾਲ ਲਈ ਹੋਰ ਜਹਾਜ਼ਾਂ ਦੀ ਜ਼ਰੂਰਤ ਹੈ। ਕਿਸ਼ਤੀਆਂ ਦੇ ਰਵਾਨਾ ਹੋਣ ਤੋਂ ਬਾਅਦ ਕੋਈ ਸੰਪਰਕ ਨਹੀਂ ਹੋਇਆ ਹੈ। ਸਪੇਨ ਅਤੇ ਸੇਨੇਗਲ ਦੇ ਅਧਿਕਾਰੀਆਂ ਨੇ ਅਜੇ ਇਸ ਮਾਮਲੇ 'ਤੇ ਕੋਈ ਟਿੱਪਣੀ ਨਹੀਂ ਕੀਤੀ ਹੈ। ਵਾਕਿੰਗ ਬਾਰਡਰਜ਼ ਅਨੁਸਾਰ, ਅਟਲਾਂਟਿਕ ਮਹਾਂਸਾਗਰ ਦੇ ਪਾਰ ਦਾ ਰਸਤਾ ਦੁਨੀਆਂ ਦਾ ਸਭ ਤੋਂ ਖਤਰਨਾਕ ਹੈ, ਇਸ ਸਾਲ ਦੇ ਪਹਿਲੇ ਅੱਧ ਵਿੱਚ ਲਗਭਗ 800 ਲੋਕ ਮਾਰੇ ਗਏ ਜਾਂ ਲਾਪਤਾ ਹੋਏ।




VENUE
HEART LAKE CONVERSATION PARK
SITE - LAKEMOUNT 4
Address: 10818 Heart Lake Rd, Brampton, ON L6Z 0B3

Samrai Picnic
AUGUST 6, 2023

ਪਿੰਡ ਸਮਰਾਏ ਦੇ ਵਾਸੀਆਂ ਵਲੋਂ 6 ਅਗਸਤ ਨੂੰ ਪਿਕਨਿੱਕ

ਪਿੰਡ ਸਮਰਾਏ ਦੇ ਸਮੂਹ ਵਾਸੀਆਂ ਵਲੋਂ ਆਪਣੀ ਸਲਾਨਾ ਪਿਕਨਿਕ **06** ਅਗਸਤ ਦਿਨ ਐਤਵਾਰ ਨੂੰ ਹਾਰਟ ਲੇਕ ਕੰਜ਼ੂਵੇਸ਼ਨ ਪਾਰਕ ਵਿਖੇ ਠੀਕ ਦੁਪਿਹਰ 11 ਵਜ ਤੋਂ ਸ਼ਾਮ 6 ਵਜੇ ਤੱਕ ਮਨਾਈ ਜਾ ਰਹੀ ਹੈ । ਇਸ ਦੌਰਾਨ ਬੱਚਿਆਂ ਦੀਆਂ ਖੇਡਾਂ ਅਤੇ ਹੋਰ ਮਨੋਰੰਜਕ ਖੇਡਾਂ ਕਰਵਾਈਆਂ ਜਾਣਗੀਆਂ ਜਿਹਨਾਂ ਵਿਚ ਲੇਡੀਜ਼ ਲਈ 50 ਮੀਟਰ ਦੌੜ, ਬੋਰੀ ਰੇਸ ਅਤੇ ਤਿੰਨ ਟੰਗੀ ਰੇਸ ਵੀ ਸ਼ਾਮਲ ਹਨ । ਪ੍ਰਬੰਧਕਾਂ ਵਲੋਂ ਜੀਟੀਏ ਵਿਚ ਵੱਸਦੇ ਸਮੂਹ ਸਮਰਾਏ ਪਿੰਡ ਵਾਸੀਆਂ ਨੂੰ ਬੇਨਤੀ ਹੈ ਕਿ ਉਹ ਪਰਿਵਾਰਾਂ ਸਮੇਤ ਇਸ ਪਰਿਵਾਰਕ ਪਿਕਨਿਕ ਵਿਚ ਸ਼ਾਮਲ ਹੋਣ ਅਤੇ ਆਪਣੇ ਪਿੰਡ ਨਾਲ ਜੁੜੀਆਂ ਯਾਦਾਂ ਨੂੰ ਤਾਜਾ ਕਰਨ ।



People of Village. Samrai has organised a Picnic on **August 06, 2023, Sunday from 11 am to 6 pm.**
In the park various activities will be played such as **50 meter race, sack race, 3-legged race.**
We request you to accompany your childrens, parents, grandparents with you to recall old memories.

ਪਿਕਨਿੱਕ ਬਾਰੇ ਜਿਆਦਾ ਜਾਨਕਾਰੀ ਲਈ ਸੁਰਜੀਤ ਸਮਰਾ 289-828-2117, ਅਮਰਜੀਤ ਸਮਰਾ 416-939-8292 ਜਾਂ ਮੋਹੀਂਦਰ ਸਮਰਾ 416-271-8477 ਨੂੰ ਸੰਪ੍ਰਕ ਕੀਤਾ ਜਾ ਸਕਦਾ ਹੇ।


## ਬਿਹਾਰ ਵਿਚ ਵੱਡਾ ਹਾਦਸਾ, ਕੜਾਗੋਲਾ ਗੰਗਾ ਘਾਟ ’ਤੇ ਨਹਾਉਣ ਗਏ 4 ਬੱਚਿਆਂ ਦੀ ਡੁੱਬਣ ਕਾਰਨ ਮੌਤ

ਪਟਨਾ, 10 ਜੁਲਾਈ (ਪੋਸਟ ਬਿਊਰੋ): ਬਿਹਾਰ ਦੇ ਕਟਿਹਾਰ 'ਚ ਪਹਿਲੇ ਸੋਮਵਾਰ ਨੂੰ ਵੱਡਾ ਹਾਦਸਾ ਵਾਪਰ ਗਿਆ। ਸਾਵਣ ਦੇ ਪਹਿਲੇ ਸੋਮਵਾਰ ਨੂੰ ਹਜ਼ਾਰਾਂ ਦੀ ਗਿਣਤੀ ਵਿਚ ਸ਼ਰਧਾਲੂ ਜ਼ਿਲੇ ਦੇ ਬੁਰਾੜੀ ਬਲਾਕ ਦੇ ਕੜਾਗੋਲਾ ਗੰਗਾ ਘਾਟ 'ਤੇ ਇਸ਼ਨਾਨ ਕਰਨ ਲਈ ਕਢਗੋਲਾ ਗੰਗਾ ਘਾਟ ਪਹੁੰਚੇ ਸਨ। ਇਸ ਦੌਰਾਨ 4 ਬੱਚਿਆਂ ਦੀ ਡੁੱਬਣ ਕਾਰਨ ਮੌਤ ਹੋ ਗਈ। ਸੂਤਰਾਂ ਤੋਂ ਮਿਲੀ ਜਾਣਕਾਰੀ ਦੇ ਮੁਤਾਬਕ ਕੋਡਾ ਬਲਾਕ ਦੇ ਖੇਰੀਆ ਪਿੰਡ ਦੇ ਸਾਰੇ ਲੋਕ ਗੰਗਾ ਇਸ਼ਨਾਨ ਲਈ ਕੜਾਗੋਲਾ ਘਾਟ 'ਤੇ ਆਏ ਹੋਏ ਸਨ।



ਚਸ਼ਮਦੀਦਾਂ ਮੁਤਾਬਕ ਸਾਰੇ ਸ਼ਰਧਾਲੂ ਗੰਗਾ 'ਚ ਇਸ਼ਨਾਨ ਕਰ ਰਹੇ ਸਨ ਕਿ ਇਕ ਲੜਕੇ ਦੇ ਡੁੱਬਣ ਦੀ ਖਬਰ ਸੁਣਦੇ ਹੀ ਉੱਥੇ ਮੌਜੂਦ ਬਾਕੀ ਲੋਕਾਂ ਨੇ ਵੀ ਡੁੱਬ ਰਹੇ ਬੱਚੇ ਨੂੰ ਬਚਾਉਣ ਲਈ ਗੰਗਾ 'ਚ ਛਾਲ ਮਾਰ ਦਿੱਤੀ। 6 ਲੋਕ ਕੁਝ ਹੀ ਸਮੇਂ 'ਚ ਡੁੱਬ ਗਏ। 2 ਨੌਜਵਾਨਾਂ ਨੂੰ ਮੌਕੇ 'ਤੇ ਮੌਜੂਦ ਕਿਸ਼ਤੀ ਵਾਲਿਆਂ ਨੇ ਬਚਾ ਲਿਆ ਜਦਕਿ 4 ਬੱਚਿਆਂ ਦੀ ਡੁੱਬਣ ਕਾਰਨ ਮੌਤ ਹੋ ਗਈ।

ਘਟਨਾ ਤੋਂ ਬਾਅਦ ਸਥਾਨਕ ਲੋਕਾਂ ਨੇ ਤੁਰੰਤ ਸਾਰੇ ਲੜਕਿਆਂ ਨੂੰ ਇਲਾਜ ਲਈ ਕਮਿਊਨਿਟੀ ਹੈਲਥ ਸੈਂਟਰ ਬਰਾਰੀ ਵਿਖੇ ਪਹੁੰਚਾਇਆ। ਜਿੱਥੇ ਡਾਕਟਰਾਂ ਨੇ 4 ਨੂੰ ਮ੍ਰਿਤਕ ਐਲਾਨ ਦਿੱਤਾ। ਮ੍ਰਿਤਕਾਂ ਵਿੱਚ ਸ਼ਿਵਮ ਕੁਮਾਰ (15 ਸਾਲ) ਪੁੱਤਰ ਤਰੁਣ ਦਾਸ, ਮੋਹਨ ਕੁਮਾਰ (18 ਸਾਲ) ਪੁੱਤਰ ਰਤਨ ਦਾਸ, ਹਰਸ਼ ਕੁਮਾਰ (14 ਸਾਲ) ਪੁੱਤਰ ਸੰਜੇ ਦਾਸ ਅਤੇ ਪੱਪੂ ਕੁਮਾਰ (16 ਸਾਲ) ਸ਼ਾਮਿਲ ਹਨ। ਇਹ ਸਾਰੇ ਕੋਡਾ ਬਲਾਕ ਦੇ ਇੱਕੋ ਪਿੰਡ ਖੇੜੀਆ ਦੇ ਰਹਿਣ ਵਾਲੇ ਸਨ। ਮ੍ਰਿਤਕ ਦੇਹ ਉਸ ਦੇ ਪਰਿਵਾਰਕ ਮੈਂਬਰਾਂ ਨੂੰ ਸੌਂਪ ਦਿੱਤੀ ਗਈ ਹੈ।

## ਮੀਤ ਹੇਅਰ ਨੇ ਲਿਆ ਜਲ ਭੰਡਾਰਾਂ ਦੀ ਸਥਿਤੀ ਦਾ ਜਾਇਜ਼ਾ, ਰਾਜਪੁਰਾ-ਬਨੂੜ ਰੋਡ ’ਤੇ ਐਸ. ਵਾਈ. ਐਲ. ਦਾ ਵੀ ਕੀਤਾ ਦੌਰਾ

ਚੰਡੀਗੜ੍ਹ, 10 ਜੁਲਾਈ (ਪੋਸਟ ਬਿਊਰੋ): ਸੂਬੇ ਭਰ ਅਤੇ ਪਹਾੜੀ ਸਥਾਨਾਂ ਉਤੇ ਪੈ ਰਹੇ ਲਗਾਤਾਰ ਤੇਜ਼ ਮੀਂਹ ਕਾਰਨ ਪੈਦਾ ਹੋਈ ਸਥਿਤੀ ਦਾ ਜਾਇਜ਼ਾ ਲੈਣ ਲਈ ਜਲ ਸਰੋਤ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਅੱਜ ਇਥੇ ਸੈਕਟਰ 18 ਸਥਿਤ ਵਿਭਾਗ ਦੇ ਮੁੱਖ ਦਫਤਰ ਵਿਖੇ ਮੀਟਿੰਗ ਕਰਕੇ ਜਲ ਭੰਡਾਰਾਂ ਦੀ ਸਥਿਤੀ ਦਾ ਜਾਇਜ਼ਾ ਲਿਆ। ਜਲ ਸਰੋਤ ਮੰਤਰੀ ਨੇ ਇਸ ਤੋਂ ਪਹਿਲਾਂ ਰਾਜਪੁਰਾ-ਬਨੂੜ ਰੋਡ ਉਤੇ ਚਿਤਕਾਰਾ ਯੂਨੀਵਰਸਿਟੀ ਨੇੜੇ ਸਤਲੁਜ ਯਮਨਾ ਲਿੰਕ (ਐਸ.ਵਾਈ.ਐਲ.) ਦਾ ਵੀ ਦੌਰਾ ਕਰਕੇ ਮੌਕੇ ਦੀ ਸਥਿਤੀ ਦੇਖੀ।



ਮੀਤ ਹੇਅਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ ਉਤੇ ਵਿਭਾਗ ਪੂਰੀ ਤਰਾਂ ਮੁਸਤੈਦੀ ਨਾਲ ਹਰ ਸਥਿਤੀ ’ਤੇ ਨਜ਼ਰ ਰੱਖ ਰਿਹਾ ਹੈ ਅਤੇ ਕਿਸੇ ਵੀ ਅਣਸੁਖਾਵੀਂ ਘਟਨਾ ਨਾਲ ਟਾਕਰੇ ਦੀ ਤਿਆਰੀ ਕੀਤੀ ਗਈ ਹੈ। ਜ਼ਿਲਾ ਸਿਵਲ ਤੇ ਪੁਲਿਸ ਪ੍ਰਸ਼ਾਸਨ ਤੋਂ ਇਲਾਵਾ ਐਨ.ਡੀ.ਆਰ.ਐਫ. ਦੀਆਂ ਟੀਮਾਂ ਨਾਲ ਤਾਲਮੇਲ ਬਿਠਾ ਕੇ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਯਕੀਨੀ ਬਣਾਈ ਜਾ ਰਹੀ ਹੈ।

ਜਲ ਸਰੋਤ ਮੰਤਰੀ ਨੇ ਕਿਹਾ ਵਿਭਾਗ ਦੇ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਜ਼ਮੀਨੀ ਪੱਧਰ ਉਤੇ 24 ਘੰਟੇ ਨਿਗਰਾਨੀ ਰੱਖਣ ਦੇ ਨਿਰਦੇਸ਼ ਦਿੱਤੇ ਅਤੇ ਨਿਰੰਤਰ ਇਸ ਦੀ ਰਿਪੋਰਟ ਕਰਨ ਨੂੰ ਕਿਹਾ। ਸੰਵੇਦਨਸ਼ੀਲ ਥਾਵਾਂ ਉਤੇ ਖਾਸ ਚੌਕਸੀ ਰੱਖਣ ਲਈ ਕਿਹਾ ਗਿਆ। ਉਨਾਂ ਕਿਹਾ ਕਿ ਫੀਲਡ ਵਿੱਚ ਮਿੱਟੀ ਦੇ ਥੈਲਿਆਂ, ਸਫ਼ਾਈ ਵਾਲੀਆਂ ਮਸ਼ੀਨਾਂ ਸਣੇ ਹੋਰ ਲੋੜੀਂਦਾ ਸਮਾਨ ਮੁਹੱਈਆ ਕਰਵਾਇਆ ਜਾ ਰਿਹਾ ਹੈ।

ਮੀਤ ਹੇਅਰ ਨੇ ਦੱਸਿਆ ਕਿ ਤਿੰਨੇ ਡੈਮਾਂ ਵਿੱਚ ਇਸੇ ਵੇਲੇ ਪਾਣੀ ਦਾ ਪੱਧਰ ਸਮਰੱਥਾ ਤੋਂ ਘੱਟ ਹੈ ਅਤੇ ਵਿਭਾਗ ਵੱਲੋਂ ਸਾਰੀ ਸਥਿਤੀ ਉਤੇ ਪੂਰੀ ਨਜ਼ਰ ਰੱਖੀ ਜਾ ਰਹੀ ਹੈ। ਭਾਖੜਾ ਡੈਮ ਵਿੱਚ 1680 ਫੁੱਟ ਦੀ ਸਮਰੱਥਾ ਮੁਕਾਬਲੇ ਮੌਜੂਦਾ ਸਮੇਂ ਪਾਣੀ ਦਾ ਪੱਧਰ 1614.89 ਫੁੱਟ ਹੈ। ਪੌਂਗ ਡੈਮ ਵਿੱਚ 1390 ਫੁੱਟ ਦੀ ਸਮਰੱਥਾ ਮੁਕਾਬਲੇ ਇਸ ਵੇਲੇ ਪਾਣੀ ਦਾ ਪੱਧਰ 1350.63 ਫੁੱਟ ਹੈ ਜਦੋਂ ਕਿ ਰਣਜੀਤ ਸਾਗਰ ਡੈਮ ਵਿੱਚ ਪਾਣੀ ਦੀ ਸਮਰੱਥਾ 1731.99 ਹੈ ਅਤੇ ਇਸ ਵੇਲੇ ਪਾਣੀ ਦਾ ਪੱਧਰ 1706.26 ਫੁੱਟ ਹੈ।

ਮੀਟਿੰਗ ਵਿੱਚ ਪ੍ਰਮੁੱਖ ਸਕੱਤਰ ਜਲ ਸਰੋਤ ਕ੍ਰਿਸ਼ਨ ਕੁਮਾਰ ਤੇ ਚੀਫ ਇੰਜਨੀਅਰ ਨਹਿਰਾਂ ਐਨ.ਕੇ.ਜੈਨ ਵੀ ਹਾਜ਼ਰ ਸਨ।

# ਇਟਲੀ ਦੇ ਸਾਬਕਾ ਪ੍ਰਧਾਨ ਮੰਤਰੀ ਨੇ ਮੌਤ ਦੇ ਸਮੇਂ ਪ੍ਰੇਮਿਕਾ ਨੂੰ ਦਿੱਤੀ 900 ਕਰੋੜ ਦੀ ਜਾਇਦਾਦ

ਰੋਮ, 10 ਜੁਲਾਈ (ਪੋਸਟ ਬਿਊਰੋ): ਇਟਲੀ ਦੇ ਮਰਹੂਮ ਸਾਬਕਾ ਪ੍ਰਧਾਨ ਮੰਤਰੀ ਨੇ ਆਪਣੀ 33 ਸਾਲਾਂ ਦੀ ਪ੍ਰੇਮਿਕਾ ਲਈ 905 ਕਰੋੜ ਰੁਪਏ ਦੀ ਜਾਇਦਾਦ ਛੱਡੀ ਹੈ। 17 ਸਾਲ ਤੱਕ ਇਟਲੀ ਦੇ ਪ੍ਰਧਾਨ ਮੰਤਰੀ ਰਹੇ ਸਿਲਵੀਓ ਬਰਲੁਸਕੋਨੀ ਦੀ ਇਸ ਸਾਲ 12 ਜੂਨ ਨੂੰ ਮੌਤ ਹੋ ਗਈ ਸੀ। ਉਨ੍ਹਾਂ ਦੀ ਉਮਰ 86 ਸਾਲ ਸੀ।

ਵਸੀਅਤ ਵਿਚ ਉਨ੍ਹਾਂ ਦੀ ਜਾਇਦਾਦ 6 ਅਰਬ ਯੂਰੋ ਮਲਤਬ 54 ਹਜ਼ਾਰ ਕਰੋੜ ਰੁਪਏ ਤੋਂ ਜ਼ਿਆਦਾ ਦੱਸੀ ਗਈ ਹੈ। ਸਿਲਵੀਓ ਬਰਲੁਸਕੋਨੀ ਦੀ ਪ੍ਰੇਮਿਕਾ ਦਾ ਨਾਂ ਫਸੀਨਾ ਦੱਸਿਆ ਜਾ ਰਿਹਾ ਹੈ। ਦੋਨਾਂ ਦਾ ਰਿਸ਼ਤਾ ਮਾਰਚ 2020 ਵਿਚ ਸ਼ੁਰੂ ਹੋਇਆ ਸੀ। ਹਾਲਾਂਕਿ ਉਨ੍ਹਾਂ ਦਾ ਕਦੇ ਵਿਆਹ ਨਹੀਂ ਹੋਇਆ ਸੀ, ਬਰਲੁਸਕੋਨੀ ਨੇ ਆਪਣੇ ਅੰਤਿਮ ਪਲਾਂ ਵਿਚ ਫਾਸੀਨਾ ਨੂੰ ਆਪਣੀ



ਪਤਨੀ ਕਿਹਾ।

ਫਸੀਨਾ 2018 ਦੀਆਂ ਆਮ ਚੋਣਾਂ ਤੋਂ ਬਾਅਦ ਇਟਲੀ ਦੇ ਸੰਸਦ ਦੇ ਹੇਠਲੇ ਸਦਨ ਦੀ ਮੈਂਬਰ ਰਹੀ ਹੈ। ਉਹ ਫੋਰਜ਼ਾ ਇਟਾਲੀਆ ਪਾਰਟੀ ਦੀ ਮੈਂਬਰ ਹੈ, ਜਿਸਦੀ ਸਥਾਪਨਾ 1994 ਵਿਚ ਬਰਲੁਸਕੋਨੀ ਦੁਆਰਾ ਕੀਤੀ ਗਈ ਸੀ, ਜਦੋਂ ਉਸ ਨੇ ਪਹਿਲੀ ਵਾਰ ਰਾਜਨੀਤੀ ਵਿਚ ਪ੍ਰਵੇਸ਼ ਕੀਤਾ ਸੀ।

ਬਰਲੁਸਕੋਨੀ ਤੋਂ ਬਾਅਦ, ਉਸਦਾ ਕਾਰੋਬਾਰ ਮਾਰਿਕਾ ਅਤੇ ਪੀਅਰ ਸਿਲਵੀਓ ਦੁਆਰਾ ਸੰਭਾਲਿਆ ਜਾਵੇਗਾ, ਜੋ ਉਨ੍ਹਾਂ ਦੇ 5 ਬੱਚਿਆਂ ਵਿੱਚੋਂ ਸਭ ਤੋਂ ਵੱਡੇ ਹਨ। ਇਹ ਦੋਵੇਂ ਪਹਿਲਾਂ ਹੀ ਕਾਰੋਬਾਰ ਵਿੱਚ ਕਾਰਜਕਾਰੀ ਭੂਮਿਕਾਵਾਂ ਸੰਭਾਲ ਰਹੇ ਹਨ। ਪਰਿਵਾਰਕ ਕਾਰੋਬਾਰ ਵਿਚ ਉਸ ਦੀ ਹਿੱਸੇਦਾਰੀ 53 ਫੀਸਦੀ ਹੋਵੇਗੀ। ਉਸ ਦੀ ਵਸੀਅਤ ਮੰਗਲਵਾਰ ਨੂੰ ਉਸ ਦੇ 5 ਬੱਚਿਆਂ ਦੀ ਮੌਜੂਦਗੀ ਵਿਚ ਪੜ੍ਹੀ ਗਈ


## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।



NEED A LAWYER ??
KAUR LAW OFFICE
Red Seal NOTARY

MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
- Skilled Worker Category
- Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1



Dr. Randhawa Dentistry
Your own dentist who really cares for you

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist
New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

INVISALIGN & BRACES INCLUDING CLEAR BRACES
Invisible Braces ਜਿਹਨਾਂ ਕਿ ਦੂਰੋਂ ਨਜ਼ਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111
Mayfield Rd / Mcvean Dr / Gore Rd / Squire Ellis Dr / Countryside Dr



ਕੈਨੇਡੀਅਨ ਪੰਜਾਬੀ ਪੋਸਟ
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202


## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ। ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com


You can Place Your Business Here
(905)793-2202
To Reach Wider Audience
For more info Call 905-793-2202 or e-mail ads@punjabipost.ca


## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com


Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal, Co-Host
Iqbal Mahal, Producer & Host
Serving the South Asian Community Since 1976



A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟਰਕਟਰ
647-998-7500 ਬਲਵਿੰਦਰ



STARLANE PAINTING
Residential • Commercial • Industrial
• Hotel • Motel • Exterior • Interior • Spray Painting • Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀਂ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋਂ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਢਿੱਲੋਂ



ਸੈਲ ਐਂਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਜਦੋਂ ਮੈਂ ਹੜ੍ਹ ਵਿਚ ਘਿਰਿਆ



-ਪ੍ਰੋ. ਨਵ ਸੰਗੀਤ ਸਿੰਘ-

ਇਨ੍ਹੀਂ ਦਿਨੀਂ ਪੂਰਾ ਉੱਤਰੀ ਭਾਰਤ ਮੀਂਹ ਦੀ ਆਫ਼ਤ ਨਾਲ ਗ੍ਰਸਿਆ ਹੋਇਆ ਹੈ। ਪੰਜਾਬ ਵਿੱਚ ਹੜ੍ਹਾਂ ਵਰਗੇ ਹਾਲਾਤ ਬਣੇ ਹੋਏ ਹਨ। 3 ਰਾਜਾਂ ਵਿੱਚ 18 ਮੌਤਾਂ ਹੋ ਚੁੱਕੀਆਂ ਹਨ, ਹਿਮਾਚਲ ਵਿੱਚ ਵੀ ਭਾਰੀ ਤਬਾਹੀ ਮੱਚੀ ਹੋਈ ਹੈ, ਦਿੱਲੀ ਵਿੱਚ ਪਿਛਲੇ 41 ਸਾਲਾਂ ਦਾ ਰਿਕਾਰਡ ਟੁੱਟ ਗਿਆ ਹੈ। ਸਕੂਲਾਂ ਕਾਲਜਾਂ ਵਿੱਚ ਛੁੱਟੀਆਂ ਕਰ ਦਿੱਤੀਆਂ ਗਈਆਂ ਹਨ। ਸਰਕਾਰ ਵੱਲੋਂ ਪਹਿਲਾਂ 'ਯੈਲੋ' ਤੇ ਹੁਣ 'ਰੈੱਡ' ਅਲਰਟ ਜਾਰੀ ਕਰ ਦਿੱਤਾ ਗਿਆ ਹੈ। ਪਾਣੀ ਦੇ ਤੇਜ਼ ਵਹਾਅ ਕਾਰਨ ਫੌਜ ਦੇ ਜਵਾਨ ਤੱਕ ਰੁੜ੍ਹ ਗਏ ਹਨ। ਕਿਸੇ ਕਿਸੇ ਇਲਾਕੇ ਵਿੱਚ ਪਾਣੀ 11 ਫੁੱਟ ਤੱਕ ਪਹੁੰਚ ਗਿਆ ਹੈ। ਦਰਿਆਵਾਂ ਤੇ ਝੀਲਾਂ ਦੇ ਫਲੱਡ ਗੇਟ ਖੋਲ੍ਹ ਦਿੱਤੇ ਗਏ ਹਨ। ਦਰਿਆਵਾਂ ਦੇ ਕਿਨਾਰੇ ਵੱਸੇ ਹੋਏ ਲੋਕ ਖ਼ੌਫ਼ਜ਼ਦਾ ਹਨ।

ਅਸਲ ਵਿੱਚ ਇਹ ਮਨੁੱਖ ਵੱਲੋਂ ਪ੍ਰਕਿਰਤੀ ਨਾਲ ਕੀਤੀ ਛੇੜਛਾੜ ਦਾ ਨਤੀਜਾ ਹੈ। ਪਰ ਜਦੋਂ ਵੀ ਹੜ੍ਹਾਂ ਦੀਆਂ ਖ਼ਬਰਾਂ ਆਉਂਦੀਆਂ ਹਨ, ਮੇਰੇ ਸਾਹਮਣੇ 1993 ਦਾ ਭਿਆਨਕ ਮੰਜ਼ਰ ਆਉਂਦਾ ਹੈ। ਹੜ੍ਹਾਂ ਬਾਰੇ ਮੇਰੀ ਸਤਹੀ ਕਿਸਮ ਦੀ ਜਾਣਕਾਰੀ ਤਾਂ ਇੰਨੀ ਕੁ ਸੀ ਕਿ ਇਸ ਵਿਚ ਘਿਰਿਆ ਵਿਅਕਤੀ ਕਈ ਵਾਰੀ ਬੜੀ ਮੁਸ਼ਕਲ ਨਾਲ ਆਪਣੀ ਜਾਨ ਬਚਾ ਸਕਦਾ ਹੈ ਪਰ ਹੜ੍ਹਾਂ ਨਾਲ ਦੋ-ਚਾਰ ਹੋਣ ਵਾਲਾ ਬੰਦਾ ਹੀ ਇਸਦੀ ਹਕੀਕਤ ਸਮਝਦਾ ਹੈ। 1 ਜੁਲਾਈ 1993 ਨੂੰ ਪਟਿਆਲੇ ਵਿਚ ਆਏ ਹੜ੍ਹਾਂ ਦੌਰਾਨ ਮੇਰਾ ਵਾਹ ਵੀ ਇਸ ਨਾਲ ਪਿਆ। ਇਸ ਸਮੇਂ ਮੈਂ ਮੌਤ ਨੂੰ ਕਾਫੀ ਨੇੜੇ ਤੋਂ ਵੇਖਿਆ। ਉਦੋਂ ਮੈਂ ਆਪਣੇ ਮਾਪਿਆਂ ਨਾਲ ਪਟਿਆਲੇ ਦੇ ਅਰਬਨ ਅਸਟੇਟ ਵਿਚ ਰਹਿੰਦਾ ਸੀ।

ਰਾਤੀ ਕਰੀਬ ਢਾਈ-ਤਿੰਨ ਵਜੇ ਕਾਲੋਨੀ ਦੇ ਗੁਰਦੁਆਰੇ ਤੋਂ ਹੜ੍ਹ ਦੀ ਸੂਚਨਾ ਦਿੱਤੀ ਗਈ। ਅਚਾਨਕ ਇਹ ਐਲਾਨ ਸੁਣ ਕੇ ਮੇਰੇ ਬਜ਼ੁਰਗ ਮਾਤਾ-ਪਿਤਾ ਘਬਰਾ ਗਏ ਤੇ ਉਨ੍ਹਾਂ ਨੇ ਮੈਨੂੰ ਵੀ ਸੁਚੇਤ ਹੋਣ ਲਈ ਪ੍ਰੇਰਿਆ। ਮਾਤਾ-ਪਿਤਾ ਨੂੰ ਮੈਂ ਇਹ ਕਹਿ ਕੇ ਤਸੱਲੀ ਦੇਣ ਦੀ ਕੋਸ਼ਿਸ਼ ਕੀਤੀ ਕਿ ਪਾਣੀ ਹੀ ਤਾਂ ਹੈ, ਆ ਕੇ ਚਲਾ ਜਾਵੇਗਾ। ਮੈਂ ਅਗਲੇ ਦਿਨ ਕਿਤੇ ਨੌਕਰੀ ਲਈ ਇੰਟਰਵਿਊ ਤੇ ਜਾਣਾ ਸੀ। ਇਸ ਲਈ ਮੈਂ ਆਪਣੇ ਸਰਟੀਫਿਕਟ, ਪੁਸਤਕਾਂ ਤੇ ਹੋਰ ਪ੍ਰਕਾਸ਼ਿਤ ਸਮੱਗਰੀ ਆਪਣੇ ਨੇੜੇ ਰੱਖ ਲਈਆਂ ਸਨ। ਮੈਂ ਆਪਣੇ ਮਾਪਿਆਂ ਨੂੰ ਉਨ੍ਹਾਂ ਦੀ ਪ੍ਰੇਸ਼ਾਨੀ ਵੇਖ ਕੇ ਗੁਆਂਢ ਦੇ ਇਕ ਘਰ, ਜਿਨ੍ਹਾਂ ਦੇ ਚੁਬਾਰਾ ਬਣਿਆ ਹੋਇਆ ਸੀ, ਭੇਜ ਦਿੱਤਾ।

ਮੈਂ ਇਹ ਸੋਚ ਕੇ ਘਰ ਹੀ ਰਿਹਾ ਕਿ ਪਾਣੀ ਹੀ ਹੈ, ਆ ਕੇ ਚਲਾ ਜਾਵੇਗਾ, ਨਾਲੇ ਕਿੰਨਾ ਕੁ ਪਾਣੀ ਆਵੇਗਾ! ਸ਼ਾਇਦ ਪਰਮਾਤਮਾ ਨੇ ਮੈਨੂੰ ਪਾਣੀ ਦੀ ਸ਼ਕਤੀ ਤੇ ਸਮਰੱਥਾ ਦਾ ਬੋਧ ਕਰਵਾਉਣਾ ਸੀ। ਪਾਣੀ ਹੌਲੀ-ਹੌਲੀ ਘਰ ਵਿਚ ਦਾਖਲ ਹੋਣਾ ਸ਼ੁਰੂ ਹੋਇਆ। ਮੇਰੇ ਵਿੰਹਦੇ-ਵਿੰਹਦੇ ਪਾਣੀ ਨੇ ਬੈੱਡ, ਸੋਫਾ, ਟੀ ਵੀ,ਮੇਜ਼, ਫਰਿੱਜ ਆਦਿ ਵੱਡੀਆਂ ਤੇ ਭਾਰੀ ਚੀਜ਼ਾਂ ਨੂੰ ਮੂਧੇ ਮੂੰਹ ਉਲਟਾ ਦਿੱਤਾ। ਮੈਂ ਉਨ੍ਹਾਂ ਚੀਜ਼ਾਂ ਨੂੰ ਵਾਰ-ਵਾਰ ਸੰਭਾਲਦਾ, ਸੈੱਟ ਕਰਦਾ, ਪਰ ਪਾਣੀ ਸਾਹਮਣੇ ਮੇਰੀ ਕੋਈ ਪੇਸ਼ ਨਹੀਂ ਸੀ ਜਾ ਰਹੀ।



ਹਾਰ ਕੇ ਮੈਂ ਚੀਜ਼ਾਂ ਨੂੰ ਸੰਭਲਣਾ ਛੱਡ ਕੇ ਆਪਣੇ ਆਪ ਨੂੰ ਬਚਾਉਣ ਦਾ ਆਹਰ ਕਰਨ ਲੱਗਾ। ਮੈਂ ਇਕ ਮੇਜ਼ 'ਤੇ ਸਟੂਲ ਰੱਖਿਆ ਅਤੇ ਉਹਦੇ 'ਤੇ ਖੜ੍ਹੋ ਹੋ ਕੇ ਛੱਤ ਵਾਲੇ ਪੱਖ ਨੂੰ ਹੱਥ ਪਾ ਲਿਆ ਕਿ ਪਾਣੀ ਇੱਥੋਂ ਤੱਕ ਤਾਂ ਨਹੀਂ ਪਹੁੰਚ ਸਕੇਗਾ। ਮੈਂ ਅਜੇ ਪੂਰੀ ਤਰਾਂ ਪੱਖੇ ਨੂੰ ਸੰਭਾਲਿਆ ਵੀ ਨਹੀਂ ਸੀ ਕਿ ਪਾਣੀ ਨੇ ਆਪਣਾ ਜ਼ੋਰ ਵਿਖਾਇਆ। ਮੇਰੇ ਹੇਠੋਂ ਸਟੂਲ ਅਤੇ ਮੇਜ਼ ਨਿਕਲ ਕੇ ਪਾਣੀ ਵਿੱਚ ਜਾ ਡਿੱਗੇ ਅਤੇ ਮੈਂ ਪੱਖੇ ਨਾਲ ਲਟਕ ਗਿਆ। ਮੇਰਾ ਕਮਰ ਤੋਂ ਹੇਠਲਾ ਸਰੀਰ ਪਾਣੀ ਵਿੱਚ ਸੀ ਅਤੇ ਜੁਲਾਈ ਦੇ ਗਰਮ ਮਹੀਨੇ ਵਿਚ ਪਾਣੀ ਇੰਨਾ ਠੰਡਾ ਸੀ ਕਿ ਬੰਦਾ ਯਖ਼ ਹੋ ਜਾਏ। ਇੰਨਾ ਸ਼ੁਕਰ ਸੀ ਕਿ ਬਿਜਲੀ ਵਿਭਾਗ ਵਲੋਂ ਬਿਜਲੀ ਬੰਦ ਕਰ ਦਿਤੀ ਗਈ ਸੀ, ਨਹੀਂ ਤਾਂ ਕੰਧਾਂ ਵਿਚ ਕਰੰਟ ਆਉਣ ਦਾ ਪੂਰਾ ਖ਼ਤਰਾ ਸੀ।


ਮੇਰੇ ਬਜ਼ੁਰਗ ਮਾਪਿਆਂ ਨੂੰ ਮੇਰੇ ਅਜੇ ਤੱਕ ਬਾਹਰ ਨਾ ਆਉਣ ਦੀ ਚਿੰਤਾ ਸੀ। ਉਨ੍ਹਾਂ ਨੇ ਦੋ ਤੈਰਨ ਵਾਲੇ ਮੁੰਡਿਆਂ ਨੂੰ ਆਪਣੀ ਚਿੰਤਾ ਦੱਸੀ, ਜਿਸ ਕਰਕੇ ਦੋਵੇਂ ਮੁੰਡੇ ਛੱਤਾਂ ਰਾਹੀਂ ਸਾਡੇ ਘਰ ਦੀ ਛੱਤ ਤੋਂ ਹੀ ਮੈਨੂੰ ਅਵਾਜ਼ਾਂ ਮਾਰਨ ਲੱਗੇ। ਮੈਂ ਉਨ੍ਹਾਂ ਨੂੰ ਅੰਦਰੋਂ ਹੀ ਉੱਚੀ ਆਵਾਜ਼ ਵਿਚ ਕਹਿ ਕੇ ਸੁਣਾਇਆ ਕਿ ਮੈਂ ਪੱਖੇ ਨੂੰ ਫੜੀ ਲਟਕ ਰਿਹਾ ਹਾਂ। ਉਨ੍ਹਾਂ ਨੇ ਕਿਹਾ ਕਿ ਹੇਠਾਂ ਪਾਣੀ ਵਿਚ ਛਾਲ ਮਾਰ ਕੇ ਬਾਹਰ ਵਿਹੜੇ ਵਿਚ ਆ ਜਾਓ, ਜਿਥੋਂ ਉਹ ਮੈਨੂੰ ਕੋਠੇ 'ਤੇ ਲਿਜਾ ਸਕਣਗੇ। ਪਰ ਮੈਂ ਅਜਿਹਾ ਕਰਨ ਤੋਂ ਅਸਮਰੱਥਤਾ ਪ੍ਰਗਟ ਕੀਤੀ। ਖ਼ੈਰ ਉਨ੍ਹਾਂ ਨੇ ਜਿਵੇਂ ਕਿਵੇਂ ਕੋਠੇ ਤੋਂ ਹੀ ਹੇਠਾਂ ਪਾਣੀ ਵਿਚ ਛਾਲਾਂ ਮਾਰੀਆਂ ਤੇ ਤੈਰਦੇ ਹੋਏ ਉਸ ਕਮਰੇ ਵਿਚ ਆ ਗਏ, ਜਿਥੇ ਮੈਂ ਲਟਕਿਆ ਹੋਇਆ ਸਾਂ। ਉਨ੍ਹਾਂ ਨੇ ਮੈਨੂੰ ਹੱਥ ਛੱਡਣ ਲਈ ਕਿਹਾ ਤਾਂ ਮੈਂ ਡਰਦੇ-ਡਰਦੇ ਪਾਣੀ ਵਿਚ ਛਾਲ ਮਾਰੀ। ਉਨ੍ਹਾਂ ਮੁੰਡਿਆਂ ਦੀ ਮਦਦ ਨਾਲ ਮੈਂ ਵੀ ਕੋਠੇ 'ਤੇ ਚੜ੍ਹ ਗਿਆ ਅਤੇ ਮੌਤ ਤੋਂ ਮੁਕਤੀ ਪ੍ਰਾਪਤ ਕੀਤੀ। ਅਗਲੇ ਤਿੰਨ ਦਿਨਾਂ ਤੱਕ ਹੜ੍ਹ ਦਾ ਪਾਣੀ ਕਾਲੋਨੀ ਦੇ ਘਰਾਂ ਵਿਚ ਉਵੇਂ ਹੀ ਘਰ ਬਣਾਈ ਬੈਠਾ ਰਿਹਾ।

ਅਸੀਂ ਕਾਫੀ ਪਰਿਵਾਰ ਤਿੰਨੇ ਦਿਨ ਇੱਕੋ ਚੁਬਾਰੇ ਵਿਚ ਤਰਸਯੋਗ ਹਾਲਤ ਵਿਚ ਰਹੇ। ਔਰਤਾਂ ਤਾਂ ਮਾੜਾ-ਮੋਟਾ ਆਰਾਮ ਕਰ ਲੈਂਦੀਆਂ ਪਰ ਮਰਦ ਤੇ ਬੱਚੇ ਛੱਤਾਂ ਤੇ ਘੁੰਮਦੇ ਰਹਿੰਦੇ। ਪਾਣੀ ਦੇ ਘਟਣ ਪਿੱਛੋਂ ਆਸਪਾਸ ਦੇ ਪਿੰਡਾਂ ਤੋਂ ਲੋਕੀ ਭੋਜਨ, ਦੁੱਧ ਤੇ ਖਾਣ ਪੀਣ ਦੀਆਂ ਹੋਰ ਚੀਜ਼ਾਂ ਰੇੜ੍ਹਿਆਂ ਤੇ ਲੈ ਕੇ ਆਉਂਦੇ ਰਹੇ ਤੇ ਉਪਰ ਬੈਠੇ ਬੇਸਹਾਰਾ ਲੋਕਾਂ ਨੂੰ ਦਿੰਦੇ ਰਹੇ। ਫਿਰ ਇਕ ਦਿਨ ਸਰਕਾਰੀ ਹੈਲੀਕਾਪਟਰ ਵੀ ਆਇਆ। ਜਿਸ ਵੱਲੋਂ ਬਹੁਤ ਸਾਰੇ ਖਾਣੇ ਦੇ ਪੈਕੇਟ ਤੇ ਦਵਾਈਆਂ ਹੇਠਾਂ ਸੁੱਟੀਆਂ ਗਈਆਂ। ਸੁੱਟੀਆਂ ਗਈਆਂ ਵਧੇਰੇ ਚੀਜ਼ਾਂ ਤਾਂ ਪਾਣੀ ਵਿਚ ਹੀ ਡਿੱਗ ਗਈਆਂ, ਕੁਝ ਕੁ ਹੀ ਹੜ੍ਹ ਮਾਰੇ ਲੋਕਾਂ ਦੇ ਹੱਥ ਲੱਗੀਆਂ । ਹੈਲੀਕਾਪਟਰ ਦਾ ਹੋਰ ਨੁਕਸਾਨ ਇਹ ਹੋਇਆ ਕਿ ਇਸਦੇ ਤੇਜ਼ ਚੱਲਣ ਵਾਲੇ ਖੰਭਾਂ ਨਾਲ ਬਹੁਤ ਸਾਰੀਆਂ ਸੁੱਕੀਆਂ ਹੋਈਆਂ ਚੀਜ਼ਾਂ, ਜਿਨ੍ਹਾਂ ਵਿਚ ਰਜਾਈਆਂ ਵਗੈਰਾ ਵੀ ਸਨ, ਫਿਰ ਤੋਂ ਹੇਠਾਂ ਪਾਣੀ ਵਿਚ ਡਿੱਗ ਪਈਆਂ।

ਇਸ ਹੜ੍ਹ ਵਿਚ ਮੇਰੀਆਂ ਕਰੀਬ ਲੱਖ-ਡੇਢ ਲੱਖ (ਉਸ ਸਮੇਂ ਦੀ ਰਕਮ) ਮੁੱਲ ਦੀਆਂ ਬਹੁਮੁੱਲੀਆਂ ਪੁਸਤਕਾਂ ਪਾਣੀ ਦੀ ਭੇਟ ਚੜ੍ਹ ਗਈਆਂ। ਅੱਜ ਵੀ ਜਦੋਂ ਕਿਧਰੇ ਹੜ੍ਹਾਂ ਦੀ ਖਬਰ ਸੁਣਦਾ ਹਾਂ ਤਾਂ ਮੈਨੂੰ ਆਪਣੇ ਨਾਲ ਵਾਪਰੇ ਘਟਨਾਕ੍ਰਮ ਦਾ ਚੇਤਾ ਆ ਜਾਂਦਾ ਹੈ। ਇਸ ਘਟਨਾ ਤੋਂ ਕਰੀਬ ਛੇ ਸਾਲ ਬਾਅਦ ਮੈਂ ਗ੍ਰਹਿਸਥੀ ਧਾਰਨ ਕੀਤੀ ਅਤੇ ਆਪਣੀ ਸੁਪਤਨੀ ਨੂੰ ਹੜ੍ਹਾਂ ਦੀ ਇਹ ਦੁਖਦਾਈ ਹੱਡਬੀਤੀ ਸੁਣਾਈ ਤਾਂ ਪਤਨੀ ਨੇ ਹੱਥ ਜੋੜ ਕੇ ਪਰਮਾਤਮਾ ਦਾ ਸ਼ੁਕਰ ਕਰਦਿਆਂ ਕਿਹਾ "ਤੁਸੀਂ ਜੁ ਮੇਰੇ ਲੜ ਲਗਣਾ ਸੀ, ਇਸੇ ਲਈ 'ਉਸਨੇ' ਤੁਹਾਨੂੰ ਬਚਾ ਲਿਆ।"

ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ-151302
(ਬਠਿੰਡਾ) 9417692015.

# ਗੁਰੂ ਦਾ ਲੰਗਰ



ਸੁਖਦੇਵ ਸਿੰਘ-94171 91916।



ਲੰਗਰ ਦੁਨੀਆ ਭਰ ਵਿੱਚ ਸਿੱਖੀ ਦੀ ਪਹਿਚਾਣ ਬਣ ਚੁੱਕਿਆ ਹੈ। ਕੁੱਝ ਦੇਸ਼ਾ ਵਿੱਚ ਬੇਸ਼ਕ ਲੋਕਾਂ ਨੂੰ ਸਿੱਖੀ ਬਾਰੇ ਬਹੁਤੀ ਜਾਣਕਾਰੀ ਸ਼ਾਇਦ ਨਾ ਹੋਵੇ। ਪ੍ਰੰਤੂ ਜਦੋਂ ਉਹ ਕਿਸੇ ਸਥਾਨ ਤੇ ਲੰਗਰ ਵਰਤਾਇਆ ਜਾਂਦਾ ਦੇਖਦੇ ਹਨ ਤਾਂ ਉਹ ਝੱਟ ਸਮਝ ਜਾਂਦੇ ਹਨ ਕਿ ਇਹ ਸਿਖ ਭਰਾਵਾਂ ਵਲੋਂ ਵਰਤਾਇਆ ਜਾ ਰਿਹਾ ਹੈ। ਉਨਾਂ ਲੋਕਾਂ ਲਈ ਲੰਗਰ ਸਿੱਖੀ ਦੀ ਪਹਿਚਾਣ ਬਣ ਗਿਆ ਹੈ।

ਲੰਗਰ ਦੀ ਪ੍ਰਥਾ ਨੂੰ ਸਹੀ ਢੰਗ ਨਾਲ ਚਲਾਉਣ ਦਾ ਕੰਮ ਗੁਰੂ ਅਮਰ ਦਾਸ ਜੀ ਵਲੋਂ ਕੀਤਾ ਗਿਆ ਦੱਸਿਆ ਜਾਂਦਾ ਹੈ। ਉਸ ਵਕਤ ਤੱਕ ਸਿੱਖੀ ਨਾਲ ਸਬੰਧਤ ਕੁੱਝ ਟਿਕਾਣੇ ਹੋਂਦ ਵਿੱਚ ਆ ਚੁੱਕੇ ਸਨ ਜਿੱਥੇ ਦੂਰੋਂ ਨੇੜਿਉਂ ਗੁਰੂਆਂ ਦੇ ਸ਼ਰਧਾਲੂ ਆਉਣ ਜਾਣ ਲੱਗ ਗਏ ਸਨ। ਇਹ ਸਭ ਕੁੱਝ ਦੇਖਦੇ ਹੋਏ, ਗੁਰੂ ਜੀ ਦੇ ਮਨ ਵਿੱਚ ਜਰੂਰ ਆਇਆ ਹੋਵੇਗਾ ਕਿ ਆਉਣ ਵਾਲੇ ਵਿਅਕਤੀਆਂ ਦੇ ਪੇਟ ਦੀ ਭੁੱਖ ਦਾ ਇੰਤਜ਼ਾਮ ਕਰਨਾ ਵੀ ਬਹੁਤ ਜਰੂਰੀ ਹੈ ਖਾਸ ਕਰਕੇ ਉਨਾਂ ਦਿਨਾਂ ਵਿੱਚ ਜਦੋਂ ਆਮ ਆਦਮੀ ਦੀ ਜੇਬ ਵਿਚ ਪੈਸਾ ਨਹੀਂ ਸੀ ਹੁੰਦਾ ਤੇ ਨਾ ਹੀ ਉਨ੍ਹਾਂ ਦਿਨਾਂ ਵਿੱਚ ਅੱਜ ਦੀ ਤਰ੍ਹਾਂ ਹੋਟਲ ਜਾ ਢਾਬੇ ਹੁੰਦੇ ਸਨ। ਧਾਰਮਿਕ ਸਥਾਨਾਂ ਨੇੜੇ ਸਰੋਵਰਾਂ ਦਾ ਇੰਤਜਾਮ ਕਰਨਾ ਵੀ ਉਸੇ ਸੋਚ ਦਾ ਹਿਸਾ ਹੈ ਕਿਉਂਕਿ ਉਸ ਵਕਤ ਪਾਣੀ ਦੀ ਕਿੱਲਤ ਸੀ। ਨਹਿਰ ਜਾ ਕਿਤੇ ਕਿਤੇ ਖੂਹ ਹੁੰਦੇ ਸਨ। ਗੁਰੂ ਜੀ ਦੀ ਦੂਰ ਅੰਦੇਸ਼ੀ ਸੋਚ ਨੇ ਲੰਗਰ ਦੀ ਪ੍ਰਥਾ ਨੂੰ ਯੋਜਨਾਬੱਧ ਕਰਦੇ ਹੋਏ ਇਹ ਵੀ ਸੋਚਿਆ ਹੋਵੇਗਾ ਕਿ ਸਰੀਰ ਨੂੰ ਖੁਰਾਕ ਦੇਣ ਦੇ ਨਾਲ ਨਾਲ ਵਿਅਕਤੀ ਦੇ ਮਨ ਨੂੰ ਵੀ ਸਾਰਥਕ ਖੁਰਾਕ ਦਿੱਤੀ ਜਾਵੇ।

ਲੰਗਰ ਲਈ ਜੋ ਰਸਦ ਉਸ ਧਾਰਮਿਕ ਸਥਾਨ ਤੇ ਆਉਂਦੀ ਰਹਿੰਦੀ ਸੀ ਉਸ ਨੂੰ ਇਕੱਠਾ ਕਰ ਲਿਆ ਜਾਂਦਾ ਸੀ। ਉਹ ਰਸਦ ਕਿਸ ਨੇ ਦਿੱਤੀ ਸੀ ਜਾ ਕਿਸ ਕੋਲੋਂ ਆਈ ਸੀ ਕੋਈ ਪਹਿਚਾਣ ਨਹੀਂ ਸੀ ਰਹਿੰਦੀ ਤਾਂ ਕਿ ਰਸਦ ਦੇਣ ਵਾਲੇ ਦੇ ਮਨ ਅੰਦਰ ਇਹ ਨਾ ਚਲਾ ਜਾਵੇ ਕਿ ਖਾਣ ਵਾਲੇ ਮੇਰੇ ਵਲੋਂ ਦਿੱਤਾ ਖਾ ਰਹੇ ਹਨ। ਉਹ ਹੰਕਾਰ ਦਾ ਸ਼ਿਕਾਰ ਨਾ ਹੋ ਜਾਵੇ। ਦੂਜੇ ਪਾਸੇ ਗੁਰੂ ਜੀ ਨੇ ਪੇਟ ਦੀ ਭੁੱਖ ਮਿਟਾਉਣ ਦੇ ਨਾਲ ਨਾਲ ਮਨ ਨੂੰ ਵੀ ਸਕਾਰਾਤਮਕ ਭੋਜਣ ਦੇਣ ਦਾ ਇੰਤਜ਼ਾਮ ਕੀਤਾ। ਭੋਜਣ ਖਾਣ ਦੇ ਲੋੜਵੰਦ ਨੂੰ ਉਸ ਖਾਸ ਸਥਾਨ ਤੇ ਨਿਮਰਤਾ ਪੂਰਬਕ ਆਉਣਾ ਪੈਂਦਾ ਸੀ ਜਿੱਥੇ ਭੋਜਣ ਖਵਾਉਣ ਦਾ ਇੰਤਜ਼ਾਮ ਕੀਤਾ ਹੁੰਦਾ ਸੀ। ਲੰਗਰ ਖਾਣ ਵੇਲੇ ਅਮੀਰ ਗਰੀਬ ਸਭ ਦਾ ਇੱਕ ਪੰਗਤ ਵਿੱਚ ਬੈਠਣਾ ਅਤੇ ਬਿਨਾ ਭਿੰਨ ਭੇਦ ਸਭ ਲਈ ਇਕੋ ਤਰਾਂ ਦੇ ਭੋਜਨ ਦਾ ਵਰਤਾਇਆ ਜਾਣਾ ਹਰ ਵਿਅਕਤੀ ਨੂੰ ਹੀਣਤਾ ਭਾਵਨਾ ਤੋਂ ਬਚਾਉਂਦਾ ਸੀ।ਆਪਸ ਵਿੱਚ ਭਿੰਨ ਭੇਦ ਨਾ ਕਰਨ ਦਾ ਪਾਠ ਵੀ ਬਿਨਾਂ ਪੜਾਏ ਪੜ ਜਾਂਦਾ ਸੀ। ਨਿਮਰਤਾ ਦੀ ਪੌੜੀ ਦਾ ਡੰਬਾ ਵਿਅਕਤੀ ਆਪ ਹੀ ਫੜ ਲੈਂਦਾ ਸੀ। ਸੇਵਾ ਕਰਨ ਵਾਲਾ ਅਹਿਮ ਤੋਂ ਬਚ ਗਿਆ ਅਤੇ ਭੋਜਣ ਖਾਣ ਵਾਲਾ ਹੀਣ ਭਾਵਨਾ ਤੋਂ ਬਚ ਗਿਆ। ਵਿਤਕਰਾ ਨਾ ਕਰਨ ਦਾ ਅਤੇ ਨਾਲ ਹੀ ਨਿਮਰਤਾ ਦਾ ਪਾਠ ਵੀ ਪੜ ਲਿਆ।

ਸਮਾ ਗੁਜਰਦੇ ਗੁਜਰਦੇ ਗੁਰੂ ਜੀ ਵਲੋਂ ਚਲਾਈ ਲੰਗਰ ਦੀ ਸਾਦਗੀ ਭਰਪੂਰ ਮਰਿਆਦਾ ਵਿੱਚ ਗਿਰਾਵਟ ਆਉਣੀ ਸ਼ੁਰੂ ਹੋ ਗਈ। ਅੱਜ ਸਰੀਰ ਦਾ ਭੋਜਣ ਤਾਂ ਜਗਾ ਜਗਾ ਵਰਤਾਇਆ ਜਾਂਦਾ ਦੇਖਿਆ ਜਾ ਸਕਦਾ ਹੈ ਪ੍ਰੰਤੂ ਉਸ ਵਿਚੋਂ ਗੁਰੂ ਜੀ ਦੇ ਸਮੇ ਵਾਲੀ ਸਾਦਗੀ ਘੱਟ ਨਜਰ ਆਉਂਦੀ ਹੈ। ਦਿਖਾਵੇ ਦਾ ਬੋਲਬਾਲਾ ਹੋ ਗਿਆ ਹੈ। ਕਈ ਵਾਰ ਲੋੜ ਤੋਂ ਬਿਨਾਂ ਹੀ ਵਿਅਕਤੀ ਦੇ ਖਾਣ ਲਈ ਜਾ ਪੀਣ ਲਈ ਮਜਬੂਰ ਕੀਤੇ ਜਾਣ ਤੋਂ ਲੰਗਰ ਵਰਤਾਉਣ ਵਾਲੇ ਦੀ ਨਿਮਰਤਾ ਗੁੰਮ ਹੋਈ ਨਜਰ ਆਉਂਦੀ ਹੈ। ਬੰਦੇ ਦਾ ਭੋਜਣ ਖਾਣ ਲਈ ਆਪ ਆਉਣਾ ਦੱਸਦਾ ਹੈ ਕਿ ਬੰਦਾ ਭੁਖਾ ਹੈ। ਭੋਜਣ ਉਸ ਦੀ ਲੋੜ ਹੈ। ਉਸਨੂੰ ਭੋਜਣ ਮਿਲਣਾ ਚਾਹੀਦਾ ਹੈ ਉਸ ਭੋਜਣ ਨੂੰ ਲੰਗਰ ਕਿਹਾ ਗਿਆ ਸੀ। ਸੜਕਾਂ ਉਪਰ ਜਬਰਦਸਤੀ ਲੋਕਾਂ ਨੂੰ ਰੋਕ ਰੋਕ ਕੇ ਬਿਨਾਂ ਭੁਖ ਤੋਂ ਖਾਣ ਲਈ ਮਜਬੂਰ ਕਰਨਾ ਲੰਗਰ ਦੀ ਸੇਵਾ ਨਹੀਂ ਕਹਾਉਂਦਾ। ਇਸ ਨਾਲ ਤਾਂ ਗੁਰੂ ਜੀ ਨੇ ਜੋ ਨਿਮਰਤਾ ਅਤੇ ਹਲੀਮੀ ਦਾ ਪਾਠ ਪੜ੍ਹਾਇਆ ਸੀ ਖਤਮ ਹੋ ਗਿਆ ਲੱਗਦਾ ਹੈ। ਸੜਕ ਤੇ ਟਰੈਫਿਕ ਦੇ ਚੱਲਣ ਵਿੱਚ ਵਿਘਣ ਪਾਉਣਾ ਲੰਗਰ ਦੀ ਸੇਵਾ ਨਹੀਂ ਹੈ। ਲੰਗਰ ਦੀ ਮਹੱਤਤਾ ਤੇ ਮਹਾਨਤਾ ਨੂੰ ਗੁਰੂ ਦੇ ਪੈਰੋਕਾਰਾਂ ਵਲੋਂ ਹੀ ਠੇਸ ਪਹੁੰਚਾਈ ਜਾ ਰਹੀ ਹੈ। ਸੋ ਸਾਰੇ ਸਿੱਖ ਸਮੁਦਾਏ ਦਾ ਫਰਜ ਬਣਦਾ ਹੈ ਕਿ ਨਾਰਮਲ ਕੇਸ ਵਿੱਚ ਲੰਗਰ ਧਾਰਮਿਕ ਸਥਾਨਾਂ ਤੇ ਹੀ ਵਰਤਾਇਆ ਜਾਣਾ ਚਾਹੀਦਾ ਹੈ। ਕੁੱਝ ਕੁ ਐਮਰਜੈਂਸੀ ਕੇਸਾਂ ਵਿੱਚ ਉਨਾਂ ਸਥਾਨਾ ਤੋਂ ਬਾਹਰ ਵੀ ਵਰਤਾਇਆ ਜਾ ਸਕਦਾ ਹੈ ਪ੍ਰੰਤੂ ਸੜਕ ਤੋਂ ਪਿੱਛੇ ਹਟ ਕੇ ਹੋਣਾ ਚਾਹੀਦਾ ਹੈ ਤਾਂ ਕਿ ਚੱਲ ਰਹੇ ਟਰੈਫਿਕ ਵਿੱਚ ਵਿਘਨ ਨਾ ਪਵੇ। ਇਸ ਗੱਲ ਦਾ ਧਿਆਨ ਰੱਖਣ ਦੀ ਲੋੜ ਹੈ ਕਿ ਚੱਲ ਰਹੇ ਟਰੈਫਿਕ ਵਿਚ ਨਾਜਕ ਹਾਲਾਤ ਵਿੱਚ ਮਰੀਜ ਵੀ ਹੋ ਸਕਦਾ ਹੈ ਜਿਸ ਨੂੰ ਭੋਜਣ ਨਾਲੋਂ ਫੌਰੀ ਇਲਾਜ ਦੀ ਜਿਆਦਾ ਲੋੜ ਹੈ।

ਸਮੇਂ ਦੇ ਬਦਲਾਵ ਨਾਲ ਸਾਡੀਆਂ ਜਰੂਰਤਾਂ ਦੀ ਪ੍ਰਾਥਮਿਕਤਾ ਵੀ ਬਦਲਦੀ ਰਹਿੰਦੀ ਹੈ। ਅੱਜ ਸਰੀਰਕ ਭੁੱਖ ਵਾਲੀ ਕੋਈ ਗੱਲ ਨਹੀਂ ਹੈ। ਜੋ ਕੁਝ ਲੰਗਰ ਦੇ ਨਾਮ ਹੇਠ ਹੋ ਰਿਹਾ ਉਸ ਵਿਚੋਂ ਸਕਾਰ-ਾਤਮਕ ਸੋਚ ਖਤਮ ਹੋ ਗਈ ਲੱਗਦੀ ਹੈ।ਲੰਗਰ ਦਾ ਵਰਤਾਇਆ ਜਾਣਾ ਇਕਤਰਾਂ ਦਾ ਆਪਣੇ ਅਹਿਮ ਨੂੰ ਪੱਠੇ ਪਾਉਣਾ ਹੋ ਗਿਆ ਹੈ। ਇਸ ਵਕਤ ਸਰੀਰ ਨੂੰ ਭੋਜਣ ਦੇਣ ਨਾਲੋਂ ਮਨ ਨੂੰ ਸਕਾਰਾਤਮਕ ਭੋਜਣ ਦੇਣਾ ਜਰੂਰੀ ਹੋ ਗਿਆ ਹੈ। ਜੋ ਖਾਸ ਧਿਆਨ ਦੀ ਮੰਗ ਕਰਦਾ ਹੈ। ਨਿਮਰਤਾ, ਹਲੀਮੀ, ਦਿਆਲਤਾ, ਕਿਰਪਾਲਤਾ ਤੇ ਸਦਭਾਵਨਾ ਵਾਲਾ ਲੰਗਰ ਹਰ ਵਕਤ ਚੱਲਦੇ ਰਹਿਣਾ ਚਾਹੀਦਾ ਹੈ। ਗੁਰੂਆਂ ਦਾ ਉਪਦੇਸ਼ ਸੀ ਲੋਕਾਂ ਦੇ ਦਿਲਾਂ ਤੇ ਰਾਜ ਕਰਨ ਦਾ। ਉਹ ਸਿਰਫ ਤੇ ਸਿਰਫ ਸਕਾਰਾਤਮਕ ਸੋਚ ਜਿਸ ਨੂੰ ਰੱਬੀ ਗੁਣ ਵੀ ਕਹਿ ਦਿੱਤਾ ਜਾਂਦਾ ਹੈ ਨਾਲ ਹੀ ਸੰਭਵ ਹੈ।

ਸਾਰੀਆ ਸਮਾਜਿਕ ਤੇ ਧਾਰਮਿਕ ਜਥੇਬੰਦੀਆਂ ਨੂੰ ਹੱਥ ਬੰਨ ਕੇ ਬੇਨਤੀ ਹੈ ਕਿ ਇੰਨਾ ਗੱਲਾਂ ਵੱਲ ਧਿਆਨ ਦਿਤਾ ਜਾਵੇ ਤਾਂ ਕਿ ਲੰਗਰ ਦੀ ਅਸਲੀ ਪ੍ਰੀਭਾਸ਼ਾ ਜੋ ਗੁਰੂ ਜੀ ਵਲੋਂ ਚਲਾਈ ਗਈ ਸੀ ਨੂੰ ਦੁਬਾਰਾ ਸੁਰਜੀਤ ਕੀਤਾ ਜਾ ਸਕੇ। ਭੋਜਣ ਵਿਚ ਸਾਦਗੀ ਹੋਣੀ ਜਰੂਰੀ ਹੈ ਵੰਨਗੀ ਨਹੀਂ। ਲੰਗਰ ਕਹਿਣ ਨੂੰ ਹੀ ਲੰਗਰ ਨਹੀਂ ਹੋਣਾ ਚਾਹੀਦਾ ਸਗੋਂ ਉਹ ਅਸਲੀ ਲਫਜਾਂ ਵਿੱਚ ਵੀ ਲੰਗਰ ਹੀ ਹੋਣਾ ਚਾਹੀਦਾ ਹੈ।

URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

SHELBURNE (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੋ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

CAMBRIDGE (Speedsville/Equestrian Way)
ਐਂਡ ਯੂਨਿਟ ਕਾਨ੍ਹਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

BRAMPTON (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

BRAMPTON (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੇਟ ਏਂਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232
JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

Grand Upholstery Ltd
Sofa Company Originality in Every Piece
Special on Sale
ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜ਼ਾਇਨ ਅਤੇ ਰੰਗ ਚੁਣ ਸਕਦੇ ਹੋ।
ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂੰਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

REXDALE BODY SHOP
USED CAR SALE
Specialization In:
- All Kinds of Body Work
- Auto Glass Windshield
- Denting, Painting & Welding
SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
WWW.AAABODYSHOP.ca
mcheemaaaa@hotmail.com







FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017